ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ

ਅੰਮ੍ਰਿਤਸਰ +91 81463 20009
ਪਟਿਆਲਾ +91 79735 07533

ਸਾਂਝੀ ਸੋਚ
SANJHI SOCH
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7
LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-13 ISSUE 2627 28 October, 2026 Wednesday www.sanjhisoch.com ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ +1 (209) 303-1260

ਐੱਚ-1ਬੀ ਪਟੀਸ਼ਨਾਂ ਲਈ ਇੱਕ ਲੱਖ ਡਾਲਰ ਦੀ ਵਾਧੂ ਫੀਸ ਤੋਂ ਬਿਨਾਂ ਮਨਜ਼ੂਰੀਆਂ ਸ਼ੁਰੂ



ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕਾ ਵਿਚ ਐੱਚ-1ਬੀ ਵੀਜ਼ਾ ਦੀ ਉਡੀਕ ਕਰ ਰਹੇ ਵਿਦੇਸ਼ੀ ਕਾਮਿਆਂ, ਖ਼ਾਸ ਕਰਕੇ ਭਾਰਤੀ ਆਈ.ਟੀ. ਪ੍ਰੋਫੈਸ਼ਨਲਾਂ ਲਈ ਇੱਕ ਰਾਹਤ ਭਰੀ ਖ਼ਬਰ ਸਾਹਮਣੇ ਆਈ ਹੈ।

ਰਿਪੋਰਟ ਮੁਤਾਬਕ ਅਮਰੀਕੀ ਇਮੀਗ੍ਰੇਸ਼ਨ ਏਜੰਸੀ ਯੂ.ਐੱਸ.ਸੀ.ਆਈ.ਐੱਸ. ਨੇ ਕੁਝ ਐੱਚ-1ਬੀ ਪਟੀਸ਼ਨਾਂ ਨੂੰ ਇੱਕ ਲੱਖ ਡਾਲਰ ਦੀ ਵਿਵਾਦਿਤ ਵਾਧੂ ਫੀਸ ਤੋਂ ਬਿਨਾਂ ਮਨਜ਼ੂਰੀ ਦੇਣੀ ਸ਼ੁਰੂ ਕਰ ਦਿੱਤੀ ਹੈ। ਰਾਸ਼ਟਰਪਤੀ ਡੋਨਾਲਡ ਟਰੰਪ ਦੇ ਪ੍ਰਸ਼ਾਸਨ ਵੱਲੋਂ ਲਾਗੂ ਕੀਤੀ ਗਈ ਇਸ ਭਾਰੀ ਫੀਸ ਨੂੰ ਲੈ ਕੇ ਕਈ ਕੰਪਨੀਆਂ, ਯੂਨੀਅਨਾਂ ਅਤੇ ਹੋਰ ਸੰਸਥਾਵਾਂ ਨੇ ਅਦਾਲਤਾਂ ਵਿਚ ਚੁਣੌਤੀ ਦਿੱਤੀ ਸੀ। ਉਨ੍ਹਾਂ ਦਾ ਕਹਿਣਾ ਸੀ ਕਿ ਇੱਕ ਲੱਖ ਡਾਲਰ ਦੀ ਵਾਧੂ ਫੀਸ ਕਾਰਨ ਅਮਰੀਕੀ ਕੰਪਨੀਆਂ ਲਈ ਵਿਦੇਸ਼ਾਂ ਤੋਂ ਹੁਨਰਮੰਦ ਕਰਮਚਾਰੀ ਭਰਤੀ ਕਰਨਾ ਬਹੁਤ ਮਹਿੰਗਾ ਹੋ ਜਾਵੇਗਾ। ਫੈਡਰਲ ਅਦਾਲਤਾਂ ਵੱਲੋਂ ਇਸ ਫੀਸ ਦੀ ਵਸੂਲੀ ਉੱਤੇ ਰੋਕ ਲਗਾਉਣ ਤੋਂ ਬਾਅਦ ਹੁਣ ਕੁਝ ਅਰਜ਼ੀਆਂ ਦੀ ਪ੍ਰਕਿਰਿਆ ਅੱਗੇ ਵਧਣ ਲੱਗੀ ਹੈ। ਇਹ ਖ਼ਬਰ ਉਨ੍ਹਾਂ ਭਾਰਤੀ ਨੌਜਵਾਨਾਂ ਲਈ ਮਹੱਤਵਪੂਰਨ ਹੈ, ਜਿਨ੍ਹਾਂ ਦੀਆਂ ਕੰਪਨੀਆਂ ਐੱਚ-1ਬੀ ਪਟੀਸ਼ਨਾਂ ਦੀ ਮਨਜ਼ੂਰੀ ਦੀ ਉਡੀਕ ਕਰ ਰਹੀਆਂ ਸਨ। ਹਾਲਾਂਕਿ ਸਾਰੀਆਂ ਅਰਜ਼ੀਆਂ ਤੁਰੰਤ ਮਨਜ਼ੂਰ ਨਹੀਂ ਹੋ ਰਹੀਆਂ। ਰਿਪੋਰਟ ਮੁਤਾਬਕ ਕੁਝ ਪ੍ਰੀਮੀਅਮ ਪ੍ਰੋਸੈਸਿੰਗ ਵਾਲੀਆਂ ਅਰਜ਼ੀਆਂ ਵੀ ਨਿਰਧਾਰਤ ਸਮੇਂ ਤੋਂ ਵੱਧ ਲਟਕੀਆਂ ਹੋਈਆਂ ਹਨ। ਇਹ ਵੀ ਸਪੱਸ਼ਟ ਕਰਨਾ ਜ਼ਰੂਰੀ ਹੈ ਕਿ ਅਦਾਲਤੀ ਰੋਕ ਦਾ ਮਤਲਬ ਫੀਸ ਨੂੰ ਹਮੇਸ਼ਾ ਲਈ ਖ਼ਤਮ ਕਰ ਦੇਣਾ ਨਹੀਂ ਹੈ। ਇਸ ਸਬੰਧੀ ਕਾਨੂੰਨੀ ਕਾਰਵਾਈ ਅਜੇ ਜਾਰੀ ਹੈ। ਇਸ ਲਈ ਨਵੀਂ ਐੱਚ-1ਬੀ ਪਟੀਸ਼ਨ ਦਾਖ਼ਲ ਕਰਨ ਵਾਲੇ ਮਾਲਕਾਂ ਅਤੇ ਕਰਮਚਾਰੀਆਂ ਨੂੰ ਆਪਣੇ ਕੇਸ ਉੱਤੇ ਲਾਗੂ ਮੌਜੂਦਾ ਨਿਯਮਾਂ ਦੀ ਪੁਸ਼ਟੀ ਕਰਨੀ ਚਾਹੀਦੀ ਹੈ। ਫਿਲਹਾਲ ਇਹ ਉਨ੍ਹਾਂ ਲਈ ਇੱਕ ਸਕਾਰਾਤਮਕ ਸੰਕੇਤ ਹੈ, ਜਿਹੜੇ ਅਮਰੀਕਾ ਵਿਚ ਕਾਨੂੰਨੀ ਤੌਰ ਉੱਤੇ ਕੰਮ ਕਰਨ ਦਾ ਮੌਕਾ ਲੱਭ ਰਹੇ ਹਨ।

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos
Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor® CalDRE # 02115235
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Mann & Associates Insurance Services, Inc.
Medicare Supplement Plans
• Life • Health • Travel • Medicare • Trucking • ਲਾਈਫ • ਹੈਲਥ • ਟ੍ਰੈਵਲ • ਮੈਡੀਕੇਅਰ • ਟਰੱਕਿੰਗ
• The American Rescue Plan passed by President Biden could save you hundreds or even thousands of dollars a month.
• There is more financial help than ever before
• Even if you didn't qualify for subsidies before, now you might be able to save thousands on health insurance premiums.
• Huge tax credits are available only if you apply thru Covered California
• ਰਾਸ਼ਟਰਪਤੀ ਜੋਅ ਬਾਇਡਨ ਦੁਆਰਾ ਪਾਸ ਕੀਤੀ ਗਈ ਅਮਰੀਕੀ ਬਚਾਅ ਯੋਜਨਾ ਤੁਹਾਨੂੰ ਮਹੀਨੇ ਵਿੱਚ ਹਜ਼ਾਰਾਂ ਡਾਲਰ ਦੀ ਬਚਤ ਕਰਵਾ ਸਕਦੀ ਹੈ।
• ਪਹਿਲਾਂ ਨਾਲੋਂ ਵਧੇਰੇ ਵਿੱਤੀ ਮਦਦ ਮਿਲਦੀ ਹੈ।
• ਭਾਵੇਂ ਤੁਸੀਂ ਪਹਿਲਾਂ ਸਬਸਿਡੀਆਂ ਲਈ ਯੋਗਤਾ ਪੂਰੀ ਨਹੀਂ ਕਰਦੇ ਹੋ, ਪਰ ਹੁਣ ਤੁਸੀਂ ਸਿਹਤ ਬੀਮਾ ਪ੍ਰੀਮੀਅਮਾਂ 'ਤੇ ਹਜ਼ਾਰਾਂ ਲੋਕਾਂ ਨੂੰ ਬਚਾਉਣ ਦੇ ਯੋਗ ਹੋ ਸਕਦੇ ਹੋ।
• ਭਾਰੀ ਟੈਕਸ ਰੀਫ਼ਿਟ ਕੇਵਲ ਜਾਂ ਹੀ ਉਪਲਬਧ ਹੁੰਦੇ ਹਨ, ਜੇ ਤੁਸੀਂ ਕਵਰਡ ਕੈਲੀਫੋਰਨੀਆ ਦੁਆਰਾ ਅਰਜ਼ੀ ਦਿੰਦੇ ਹੋ।
Inderjeet Singh Mann
CA Lic# 0H82488
ਹੈਲਥ ਇੰਸੋਰੈਂਸ ਨਾ ਕਰਵਾਉਣ 'ਤੇ ਰੁਹਾਨੂੰ ਜੁਰਮਾਨਾ ਵੀ ਹੋ ਸਕਦਾ ਹੈ। ਇਸ ਲਈ ਅੱਜ ਹੀ ਆਪਣੀ ਅਤੇ ਆਪਣੇ ਪਰਿਵਾਰ ਦੀ ਹੈਲਥ ਇੰਸ਼ੋਰੈਂਸ ਕਰਵਾਉਣ ਲਈ ਇੰਦਰਜੀਤ ਮਾਨ ਨੂੰ ਕਾਲ ਕਰੋ। ਜਿਹੜੇ Covered California ਦੇ Certified Agent ਸਨ। ਇੰਦਰਜੀਤ ਮਾਨ ਕੋਲ ਹੈਲਥ ਇੰਸੋਰੈਂਸ ਦਾ ਲੰਬੇ ਸਮੇਂ ਦਾ ਤਜ਼ਰਬਾ ਹੈ।
Anthem
Certified Insurance Agent
Ph.: (916) 900-2000

Certified INSURANCE AGENT
COVERED CALIFORNIA
Free Confidential Help
Call : Gurcharan Singh Mann
Medicare
Licensed Insurance Agent
CA Lic # 0C70672
CALL TO ENROL
510-557-0061

Space available for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Ph: (414) 551-0530
Simranveer Singh
Realtor
The JRP Group
DRE #02114137

Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com www.thepalfilms.com

JRP REALTY GROUP

A TRADITION OF REAL ESTATE EXCELLENCE

SERVING CALIFORNIA FOR COMMERCIAL REAL ESTATE NEEDS

Specializing in all Types of Commercial Proprtries

Gas Stations, Apartments, Commercial Buildings, Liquor stores and Land

CALL TODAY TO BUY/SELL YOUR REAL ESTATE/ BUSINESS



Jaswant S.Pannu
Office: 209-900-1994
Cell: 408-340-0157
jaswantpannu@yahoo.com



Raman Singh
Cell: 209-605-6500
Office: 209-213-5811
BRE #10889002

We do commercial loans for businesses, gas stations, lands and commercial properties

We provide the best in class evaluation for your real estate/business to maximize the profits for you



For more properties or business, contact us.



LOVEPREET KAUR
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

LENDINGASSETS
Elevating Your Mortgage Experience

Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

Refinance @2.75% APR or lower



Apply online at www.lendingassets.com and check out the live lowest rates on our website

ONLY WAY TO GROW YOUR BUSINESS FASTER

BNG

(Business Network Gateway)

We work for you to

Boost Your Business

VIDEO ADVERTISEMENTS

We make professional video advertisements for your business in Punjabi, Hindi & English



POSTERS DESIGN

We design flyers, Posters and
Post Cards to promote your business



BUSINESS CARD DESIGN

WE DESIGN YOUR
BUSINESS CARD



SOCIAL MEDIA HANDLERS

We can manage your Business social media handlers Facebook, instagram & YouTube



24/7 TECH SUPPORT

We provide 24/7 tech support



For more information call

Boota Singh Basi +1 (209) 303-1260

www.sanjhisoch.com
PATTRON: HARJIT BASI
MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road,
Suite H2-167 Modesto,
CA 95355 USA
Cell: (209) 303-1260
Email: info@sanjhisoch.com
Visit at: www.sanjhisoch.com

ਕਾਂਗਰਸ ਹਾਈਕਮਾਨ ਦੀ ਪੰਜਾਬ ਪ੍ਰਤੀ ਸਮਝ ਅਤੇ ਪਾਰਟੀ ਦੀ ਪੰਜਾਬ 'ਚ ਮੌਜੂਦਾ ਸਥਿਤੀ



ਪੰਜਾਬ ਦੀ ਸਿਆਸਤ ਉੱਤੇ ਦਬਦਬਾ ਰੱਖਣ ਵਾਲੀ ਕਾਂਗਰਸ ਅੱਜ ਆਪਸੀ ਕਾਟੋਕਲੇਸ ਵਿੱਚ ਬੁਰੀ ਤਰਾਂ ਉਲਝੀ ਹੋਈ ਹੈ। ਪੰਜਾਬ ਕਾਂਗਰਸ ਦੀ ਮੌਜੂਦਾ ਹਾਲਤ ਨੂੰ ਸਮਝਣ ਲਈ ਉਸ ਸੋਚ ਨੂੰ ਗੰਭੀਰਤਾ ਨਾਲ ਸਮਝਣ ਦੀ ਲੋੜ ਹੈ ਜਿਸਨੇ ਹਮੇਸਾ ਪੰਜਾਬ ਉੱਤੇ ਆਪਣੀ ਸਿਆਸੀ ਇੱਛਾ ਥੋਪਣ ਦੀ ਕੋਸ਼ਿਸ਼ ਕੀਤੀ ਹੈ। ਪਾਰਟੀ ਦੀ ਕੇਂਦਰੀ ਲੀਡਰਸ਼ਿਪ ਨੇ ਪੰਜਾਬ ਦੇ ਲੋਕਾਂ ਦੀਆਂ ਭਾਵਨਾਵਾਂ, ਸਿੱਖ ਮਾਨਸਿਕਤਾ, ਇਤਿਹਾਸਕ ਪੀੜਾਂ ਅਤੇ ਸੂਬੇ ਦੇ ਰਾਜਨੀਤਿਕ ਸੁਭਾਅ ਨੂੰ ਸਮਝਣ ਨਾਲੋਂ ਆਪਣੇ ਹੁਕਮਾਂ ਨੂੰ ਲਾਗੂ ਕਰਵਾਉਣ ਨੂੰ ਵਧੇਰੇ ਤਰਜੀਹ ਦਿੱਤੀ ਹੈ। ਜਦੋਂ ਕਿਸੇ ਪਾਰਟੀ ਦੀ ਲੀਡਰਸ਼ਿਪ ਲੋਕਾਂ ਦੇ ਮਨਾਂ ਨੂੰ ਪੜ੍ਹਨ ਦੀ ਸਮਰੱਥਾ ਗੁਆ ਬੈਠਦੀ ਹੈ ਤਾਂ ਉਸ ਦੀ ਸਿਆਸੀ ਤਾਕਤ ਦਾ ਖੁਰਨਾ ਸੁਭਾਵਿਕ ਹੁੰਦਾ ਹੈ। ਪੰਜਾਬ ਕੋਈ ਅਜਿਹਾ ਸੂਬਾ ਨਹੀਂ, ਜਿਸਦੀ ਰਾਜਨੀਤੀ ਮਹਿਜ਼ ਜਾਤ ਪਾਤ ਜਾਂ ਫਿਰਕਾਪ੍ਰਸਤੀ ਤੇ ਅਧਾਰਿਤ ਹੋਵੇ,ਬਲਕਿ ਪੰਜਾਬ ਦੀ ਰਾਜਨੀਤੀ ਦੀ ਆਪਣੀ ਇਤਿਹਾਸਕ ਪਿੱਠਭੂਮੀ ਹੈ। ਇਸ ਦੀ ਸਮਾਜਿਕ ਚੇਤਨਾ, ਧਾਰਮਿਕ ਵਿਰਾਸਤ, ਅਤੇ ਸਿੱਖ ਰਾਜਨੀਤਿਕ ਚੇਤਨਾ ਆਪਸ ਵਿੱਚ ਡੂੰਘੇ ਤੌਰ ਉੱਤੇ ਜੁੜੇ ਹੋਏ ਹਨ। ਇੱਥੇ ਸਿੱਖ ਮਾਨਸਿਕਤਾ ਨੂੰ ਸਮਝੇ ਬਿਨਾਂ ਪੰਜਾਬ ਦੀ ਰਾਜਨੀਤੀ ਨੂੰ ਸਮਝਣ ਦਾ ਦਾਅਵਾ ਕਰਨਾ ਆਪਣੇ ਆਪ ਨੂੰ ਧੋਖਾ ਦੇਣ ਦੇ ਬਰਾਬਰ ਹੈ। ਇਸ ਦਾ ਅਰਥ ਇਹ ਨਹੀਂ ਕਿ ਪੰਜਾਬ ਦੇ ਹੋਰ ਧਰਮਾਂ, ਵਰਗਾਂ ਜਾਂ ਭਾਈਚਾਰਿਆਂ ਦੀਆਂ ਭਾਵਨਾਵਾਂ ਦੀ ਕੋਈ ਅਹਿਮੀਅਤ ਨਹੀਂ, ਸਗੋਂ ਇਹ ਹੈ ਕਿ ਪੰਜਾਬ ਦੇ ਇਤਿਹਾਸਕ ਅਤੇ ਰਾਜਨੀਤਿਕ ਤਾਣੇ-ਬਾਣੇ ਵਿੱਚ ਸਿੱਖ ਚੇਤਨਾ ਦੀ ਵਿਸ਼ੇਸ਼ ਭੂਮਿਕਾ ਨੂੰ ਨਜ਼ਰਅੰਦਾਜ਼ ਕਰਕੇ ਕੋਈ ਵੀ ਪਾਰਟੀ ਪੰਜਾਬ ਦੀਆਂ ਡੂੰਘੀਆਂ ਹਕੀਕਤਾਂ ਤੱਕ ਨਹੀਂ ਪਹੁੰਚ ਸਕਦੀ। ਕਾਂਗਰਸ ਦੀ ਸਭ ਤੋਂ ਵੱਡੀ ਤ੍ਰਾਸਦੀ ਇਹ ਰਹੀ ਹੈ ਕਿ ਉਹ ਵਾਰ-ਵਾਰ ਇਸੇ ਬੁਨਿਆਦੀ ਸੱਚਾਈ ਨੂੰ ਸਮਝਣ ਵਿੱਚ ਅਸਫਲ ਰਹੀ ਹੈ। ਪਾਰਟੀ ਦੇ ਅੰਦਰ ਯੋਗਤਾ, ਲੋਕਾਂ ਨਾਲ ਜੁੜਾਅ, ਸਿਆਸੀ ਦੂਰਅੰਦੇਸ਼ੀ ਅਤੇ ਪੰਜਾਬ ਦੇ ਮਸਲਿਆਂ ਪ੍ਰਤੀ ਗੰਭੀਰਤਾ ਨਾਲੋਂ ਜੀ-ਹਜ਼ੂਰੀ, ਧੜੇਬੰਦੀ ਅਤੇ ਹਾਈਕਮਾਂਡ ਦੀ ਮਰਜ਼ੀ ਨੂੰ ਵਧੇਰੇ ਮਹੱਤਵ ਮਿਲਣ ਦੇ ਦੋਸ਼ ਲੱਗਦੇ ਰਹੇ ਹਨ। ਇਹ ਸੱਚ ਹੈ ਕਿ ਜਿਹੜਾ ਆਗੂ ਲੋਕਾਂ ਦੀ ਨਬਜ਼ ਪਛਾਣਦਾ ਹੋਵੇ, ਜਿਹੜਾ ਪੰਜਾਬ ਦੇ ਹੱਕਾਂ ਦੀ ਗੱਲ ਕਰਦਾ ਹੋਵੇ ਅਤੇ ਜਿਹੜਾ ਪਾਰਟੀ ਦੀ ਆਪਣੀ ਲੀਡਰਸ਼ਿਪ ਨੂੰ ਵੀ ਗਲਤੀਆਂ ਦਾ ਅਹਿਸਾਸ ਕਰਵਾਉਣ ਦੀ ਹਿੰਮਤ ਰੱਖਦਾ ਹੋਵੇ, ਉਹ ਅਕਸਰ ਪਾਰਟੀ ਦੇ ਅੰਦਰ ਹੀ ਹਾਸੀਏ ਤੇ ਚਲਾ ਜਾਂਦਾ ਹੈ। ਇਸ ਦੇ ਉਲਟ, ਜਿਹੜੇ ਆਗੂ ਖੁਸ਼ਾਮਦ ਕਰਕੇ ਆਪਣੇ ਆਕਾਵਾਂ ਨੂੰ ਖੁਸ਼ ਰੱਖਣ ਵਿੱਚ ਸਫਲ ਹੋ ਜਾਂਦੇ ਹਨ, ਉਨ੍ਹਾਂ ਲਈ ਉੱਚੇ ਅਹੁਦਿਆਂ ਤੱਕ ਪਹੁੰਚਣ ਦੇ ਰਾਹ ਜਲਦੀ ਖੁੱਲ੍ਹ ਜਾਂਦੇ ਹਨ। ਏਸੇ ਪਰਸੰਗ ਵਿੱਚ ਰਾਜਾ ਵੜਿੰਗ ਦੀ ਪੰਜਾਬ ਕਾਂਗਰਸ ਦੀ ਪ੍ਰਧਾਨਗੀ ਨੂੰ ਦੇਖਿਆ ਜਾਂਦਾ ਰਿਹਾ ਹੈ। ਕਿਸੇ ਆਗੂ ਦੇ ਪ੍ਰਧਾਨ ਬਣਨ ਲਈ ਸਿਰਫ਼ ਚੋਣ ਜਿੱਤ ਲੈਣੀ ਹੀ ਕਾਫ਼ੀ ਨਹੀਂ ਹੁੰਦੀ। ਪ੍ਰਧਾਨ ਉਹ ਹੋਣਾ ਚਾਹੀਦਾ ਹੈ, ਜਿਸ ਵਿੱਚ ਵੱਖ-ਵੱਖ ਧੜਿਆਂ ਨੂੰ ਨਾਲ ਲੈ ਕੇ ਚੱਲਣ ਅਤੇ ਲੋਕਾਂ ਦੀਆਂ ਭਾਵਨਾਵਾਂ ਨੂੰ ਸਮਝਣ ਦਾ ਗੁਣ ਹੋਵੇ ਅਤੇ ਪੰਜਾਬ ਦੇ ਹਿੱਤਾਂ ਦੀ ਸਪਸ਼ਟ ਨੁਮਾਇੰਦਗੀ ਕਰਨ ਦੀ ਸਮਰੱਥਾ ਹੋਵੇ। ਜੇਕਰ ਇਹ ਗੁਣ ਨਾ ਹੋਣ ਤਾਂ ਅਜਿਹੀ ਪ੍ਰਧਾਨਗੀ ਦਾ ਪਾਰਟੀ ਨੂੰ ਕੋਈ ਬਹੁਤਾ ਸਿਆਸੀ ਲਾਭ ਨਹੀਂ ਮਿਲਦਾ। ਰਾਜਾ ਵੜਿੰਗ ਦੀ ਅਗਵਾਈ ਹੇਠ ਪੰਜਾਬ ਕਾਂਗਰਸ ਆਪਣੀ ਵਿਰੋਧੀ ਧਿਰ ਵਾਲੀ ਭੂਮਿਕਾ ਨੂੰ ਉਸ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਉਣ ਵਿੱਚ ਸਫਲ ਨਹੀਂ ਰਹੀ, ਜਿਸ ਦੀ ਪੰਜਾਬ ਦੇ ਲੋਕਾਂ ਨੂੰ ਉਮੀਦ ਸੀ। ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਘੇਰਨ ਲਈ ਬੇਅੰਤ ਮੁੱਦੇ ਮੌਜੂਦ ਸਨ।

ਕਿਸਾਨੀ, ਨੌਜਵਾਨਾਂ ਦਾ ਭਵਿੱਖ, ਨਸ਼ਿਆਂ ਦਾ ਸੰਕਟ, ਰੁਜ਼ਗਾਰ, ਸਿਹਤ ਸੇਵਾਵਾਂ, ਸਿੱਖਿਆ, ਕਾਨੂੰਨ-ਵਿਵਸਥਾ ਅਤੇ ਪੰਜਾਬ ਦੇ ਵਿੱਤੀ ਹਾਲਾਤਾਂ ਵਰਗੇ ਮਸਲਿਆਂ ਉੱਤੇ ਕਾਂਗਰਸ ਇੱਕ ਮਜ਼ਬੂਤ ਜਨਤਕ ਮੁਹਿੰਮ ਖੜ੍ਹੀ ਕਰ ਸਕਦੀ ਸੀ। ਪਰ ਅਜਿਹਾ ਕਰ ਨਹੀ ਸਕੀ,ਉਲਟਾ ਰਾਜਾ ਵੜਿੰਗ ਦੇ ਬੱਸਾਂ ਦੀਆਂ ਬਾਡੀਆਂ ਨਾਲ ਸਬੰਧਤ ਮਾਮਲਿਆਂ ਬਾਰੇ ਬੇਅੰਤ ਸਵਾਲ ਉੱਠਦੇ ਰਹੇ ਹਨ। ਜੇਕਰ ਕਿਸੇ ਆਗੂ ਨੂੰ ਆਪਣੀਆਂ ਹੀ ਕਮਜੋਰੀਆਂ ਦਾ ਡਰ ਸਤਾਉਂਦਾ ਹੋਵੇ ਤਾਂ ਲੋਕਾਂ ਦੇ ਮਸਲਿਆਂ ਉੱਤੇ ਉਸ ਦੀ ਆਵਾਜ਼ ਚੁੱਕਣ ਦਾ ਦਮ ਖਮ ਪ੍ਰਭਾਵਿਤ ਹੋ ਸਕਦਾ ਹੈ। ਹਾਲਾਂਕਿ ਕਿਸੇ ਖ਼ਾਸ ਫ਼ਾਈਲ ਜਾਂ ਜਾਂਚ ਬਾਰੇ ਤੱਥਾਂ ਤੋਂ ਬਿਨਾਂ ਕੋਈ ਅੰਤਿਮ ਦੋਸ਼ ਲਾਉਣਾ ਠੀਕ ਨਹੀਂ, ਪਰ ਸਿਆਸੀ ਆਗੂਆਂ ਲਈ ਇਹ ਲਾਜ਼ਮੀ ਹੈ ਕਿ ਉਹ ਆਪਣੇ ਬਾਰੇ ਉੱਠਦੇ ਸਵਾਲਾਂ ਦਾ ਸਪਸ਼ਟ ਜਵਾਬ ਦੇਣ ਤਾਂ ਜੋ ਲੋਕਾਂ ਦਾ ਭਰੋਸਾ ਕਾਇਮ ਰਹੇ। ਇਸ ਤੋਂ ਵੀ ਵੱਡੀ ਸਮੱਸਿਆ ਆਗੂਆਂ ਦੀ ਬੋਲਬਾਣੀ ਅਤੇ ਸਿਆਸੀ ਸਮਝ ਦੀ ਹੈ। ਜਦੋਂ ਕੋਈ ਆਗੂ ਬਿਨਾਂ ਸੋਚੇ-ਸਮਝੇ ਅਜਿਹੀ ਸ਼ਬਦਾਵਲੀ ਵਰਤਦਾ ਹੈ, ਜਿਸ ਨਾਲ ਕਿਸੇ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਣ ਦਾ ਖ਼ਦਸ਼ਾ ਹੋਵੇ, ਤਾਂ ਉਹ ਆਪਣੀ ਪਾਰਟੀ ਨੂੰ ਲੋਕਾਂ ਦੇ ਸਵਾਲਾਂ ਦੇ ਘੇਰੇ ਵਿੱਚ ਲਿਆ ਖੜ੍ਹਾ ਕਰਦਾ ਹੈ। ਤਰਨਤਾਰਨ ਦੀ ਜ਼ਿਮਨੀ ਚੋਣ ਦੌਰਾਨ ਰਾਜਾ ਵੜਿੰਗ ਦੀ ਬਿਆਨਬਾਜ਼ੀ ਨੂੰ ਲੈ ਕੇ ਵੀ ਸਵਾਲ ਉੱਠਦੇ ਰਹੇ ਹਨ ਕਿ ਕੀ ਪੰਜਾਬ ਕਾਂਗਰਸ ਦੀ ਲੀਡਰਸ਼ਿਪ ਨੂੰ ਆਪਣੇ ਸ਼ਬਦਾਂ ਦੀ ਰਾਜਨੀਤਿਕ ਸੰਵੇਦਨਸ਼ੀਲਤਾ ਦਾ ਅਹਿਸਾਸ ਨਹੀ ਹੈ। ਇੰਦਰਾ ਗਾਂਧੀ ਦੀ ਤਸਵੀਰ ਵਾਲੀ ਟੀ-ਸ਼ਰਟ ਪਹਿਨਣਾ ਕਿਸੇ ਵਿਅਕਤੀ ਦਾ ਨਿੱਜੀ ਜਾਂ ਸਿਆਸੀ ਫ਼ੈਸਲਾ ਹੋ ਸਕਦਾ ਹੈ, ਪਰ ਪੰਜਾਬ ਦੀ ਧਰਤੀ ਉੱਤੇ ਇੰਦਰਾ ਗਾਂਧੀ ਦਾ ਨਾਮ ਇੱਕ ਅਜਿਹੇ ਇਤਿਹਾਸ ਨਾਲ ਜੁੜਿਆ ਹੋਇਆ ਹੈ, ਜਿਸ ਵਿੱਚ ਸ੍ਰੀ ਦਰਬਾਰ ਸਾਹਿਬ ਉੱਤੇ ਜੂਨ 1984 ਦੇ ਫ਼ੌਜੀ ਹਮਲੇ ਅਤੇ ਨਵੰਬਰ 1984 ਦੇ ਸਿੱਖ ਕਤਲੇਆਮ ਦੀਆਂ ਨਾ ਭੁੱਲਣ ਵਾਲੀਆਂ ਯਾਦਾਂ ਸ਼ਾਮਲ ਹਨ। ਇਨ੍ਹਾਂ ਘਟਨਾਵਾਂ ਨੇ ਸਿੱਖ ਮਨਾਂ ਉੱਤੇ ਡੂੰਘੇ ਜ਼ਖ਼ਮ ਛੱਡੇ ਹਨ। ਅਜਿਹੇ ਇਤਿਹਾਸਕ ਸੰਦਰਭ ਵਿੱਚ ਕਿਸੇ ਕਾਂਗਰਸੀ ਆਗੂ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਕਿਸੇ ਚਿਹਰੇ ਨੂੰ ਆਪਣੇ ਸਿਆਸੀ ਪ੍ਰਚਾਰ ਦਾ ਪ੍ਰਤੀਕ ਬਣਾਉਣ ਦੇ ਪੰਜਾਬ ਵਿੱਚ ਕੀ ਅਰਥ ਨਿਕਲ ਸਕਦੇ ਹਨ। ਜਿਹੜੀ ਪਾਰਟੀ ਆਪਣੇ ਹੀ ਸੂਬੇ ਦੇ ਲੋਕਾਂ ਦੇ ਜ਼ਖ਼ਮਾਂ ਨੂੰ ਸਮਝਣ ਵਿੱਚ ਅਸਫਲ ਰਹੇ, ਉਹ ਉਨ੍ਹਾਂ ਦੇ ਭਰੋਸੇ ਦੀ ਹੱਕਦਾਰ ਕਿਵੇਂ ਬਣ ਸਕਦੀ ਹੈ। ਜਦੋਂ ਸੀਨੀਅਰ ਆਗੂ ਆਪੋ-ਆਪਣੇ ਧੜਿਆਂ ਵਿੱਚ ਵੰਡੇ ਹੋਣ, ਇੱਕ ਦੂਜੇ ਦੀ ਅਗਵਾਈ ਨੂੰ ਕਮਜ਼ੋਰ ਕਰਨ ਅਤੇ ਹਾਈਕਮਾਂਡ ਦੇ ਫ਼ੈਸਲਿਆਂ ਨੂੰ ਆਪਣੀਆਂ ਸਿਆਸੀ ਗਿਣਤੀਆਂ ਦੇ ਹਿਸਾਬ ਨਾਲ ਦੇਖਣ, ਤਾਂ ਜਥੇਬੰਦੀ ਦਾ ਨੁਕਸਾਨ ਹੋਣਾ ਸੁਭਾਵਿਕ ਹੈ। ਇੱਥੇ ਇੱਕ ਬੁਨਿਆਦੀ ਫ਼ਰਕ ਸਮਝਣ ਦੀ ਲੋੜ ਹੈ।

ਪਾਰਟੀ ਨੂੰ ਪਹਿਲ ਦੇਣਾ ਅਤੇ ਪੰਜਾਬ ਨੂੰ ਪਹਿਲ ਦੇਣਾ ਇੱਕੋ ਗੱਲ ਨਹੀਂ ਹੈ। ਜੇਕਰ ਕਿਸੇ ਆਗੂ ਲਈ ਪਾਰਟੀ ਦਾ ਫ਼ੈਸਲਾ ਪੰਜਾਬ ਦੇ ਹਿੱਤਾਂ ਨਾਲੋਂ ਵੱਡਾ ਹੋ ਜਾਵੇ, ਜੇਕਰ ਉਹ ਸੂਬੇ ਦੇ ਦਰਦ ਨੂੰ ਜਾਣਦੇ ਹੋਏ ਵੀ ਸਿਰਫ਼ ਇਸ ਲਈ ਚੁੱਪ ਰਹੇ ਕਿ ਉਸ ਦੀ ਕੁਰਸੀ ਖ਼ਤਰੇ ਵਿੱਚ ਪੈ ਸਕਦੀ ਹੈ, ਤਾਂ ਉਸ ਦੀ ਸਿਆਸਤ ਆਪਣੇ ਲੋਕਾਂ ਦੀ ਨੁਮਾਇੰਦਗੀ ਨਹੀ ਕਰ ਸਕਦੀ। ਇਸੇ ਤਰ੍ਹਾਂ ਜੇਕਰ ਧਰਮ ਅਤੇ ਇਤਿਹਾਸ ਨਾਲ ਜੁੜੇ ਪੰਜਾਬ ਦੇ ਸੰਵੇਦਨਸ਼ੀਲ ਮਸਲਿਆਂ ਨੂੰ ਸਿਰਫ਼ ਵੋਟਾਂ ਲੈਣ ਦਾ ਸਾਧਨ ਬਣਾਇਆ ਜਾਵੇ ਅਤੇ ਬਾਕੀ ਸਮੇਂ ਉਨ੍ਹਾਂ ਉੱਤੇ ਚੁੱਪ ਧਾਰ ਲਈ ਜਾਵੇ, ਤਾਂ ਲੋਕਾਂ ਦਾ ਭਰੋਸਾ ਨਹੀ ਬਣ ਸਕਦਾ। ਪੰਜਾਬ ਦੇ ਇਤਿਹਾਸਕ ਤਜਰਬੇ ਵਿੱਚ ਧਾਰਮਿਕ ਚੇਤਨਾ, ਸਮਾਜਿਕ ਨਿਆਂ ਅਤੇ ਸਿਆਸੀ ਹੱਕਾਂ ਦੇ ਸਵਾਲ ਕਈ ਵਾਰ ਆਪਸ ਵਿੱਚ ਡੂੰਘੇ ਤੌਰ ਉੱਤੇ ਜੁੜੇ ਰਹੇ ਹਨ। ਇਨ੍ਹਾਂ ਨੂੰ ਇੱਕ ਦੂਜੇ ਤੋਂ ਪੂਰੀ ਤਰ੍ਹਾਂ ਵੱਖ ਕਰਕੇ ਪੰਜਾਬ ਦੀ ਸਿਆਸਤ ਦੀ ਵਿਆਖਿਆ ਨਹੀਂ ਕੀਤੀ ਜਾ ਸਕਦੀ। ਪੰਜਾਬ ਕਾਂਗਰਸ ਦੀ ਇੱਕ ਹੋਰ ਵੱਡੀ ਨਾਕਾਮੀ ਇਹ ਰਹੀ ਹੈ ਕਿ ਉਸ ਨੇ ਆਪਣੇ ਅੰਦਰ ਉੱਠਣ ਵਾਲੀ ਆਲੋਚਨਾ ਨੂੰ ਅਕਸਰ ਸਿਆਸੀ ਚੁਣੌਤੀ ਵਜੋਂ ਦੇਖਿਆ, ਸੁਧਾਰ ਦੇ ਮੌਕੇ ਵਜੋਂ ਨਹੀਂ। ਜਗਮੀਤ ਸਿੰਘ ਬਰਾੜ ਇਸ ਸੰਦਰਭ ਵਿੱਚ ਯਾਦ ਆਉਂਦੇ ਹਨ। ਉਨ੍ਹਾਂ ਦੀ ਸਿਆਸੀ ਯਾਤਰਾ ਅਤੇ ਕਾਂਗਰਸ ਨਾਲ ਉਨ੍ਹਾਂ ਦੇ ਉਤਾਰ-ਚੜ੍ਹਾਅ ਤੋਂ ਇਹ ਸਵਾਲ ਉੱਠਦਾ ਰਿਹਾ ਹੈ ਕਿ ਕੀ ਪਾਰਟੀ ਨੇ ਆਪਣੇ ਤਿੱਖੇ ਬੋਲਣ ਵਾਲੇ ਅਤੇ ਸੁਤੰਤਰ ਸਿਆਸੀ ਸੋਚ ਰੱਖਣ ਵਾਲੇ ਆਗੂਆਂ ਦੀ ਸਮਰੱਥਾ ਨੂੰ ਠੀਕ ਢੰਗ ਨਾਲ ਵਰਤਿਆ। ਜਿਹੜੇ ਆਗੂ ਸੱਤਾ ਦੇ ਗਲਿਆਰਿਆਂ ਵਿੱਚ ਬੈਠੇ ਲੋਕਾਂ ਨੂੰ ਖੁਸ਼ ਕਰਨ ਦੀ ਥਾਂ ਆਪਣੀ ਗੱਲ ਖੁੱਲ੍ਹ ਕੇ ਕਹਿੰਦੇ ਹਨ, ਉਹ ਅਕਸਰ ਜਥੇਬੰਦਕ ਸਿਆਸਤ ਵਿੱਚ ਹਾਸੀਏ ਤੇ ਚਲੇ ਜਾਂਦੇ ਹਨ। ਅੱਜ ਦੇ ਦੌਰ ਵਿੱਚ ਸੁਖਪਾਲ ਸਿੰਘ ਖਹਿਰਾ, ਚਰਨਜੀਤ ਸਿੰਘ ਚੰਨੀ ਅਤੇ ਪਰਗਟ ਸਿੰਘ ਵਰਗੇ ਆਗੂਆਂ ਦੀ ਭੂਮਿਕਾ ਨੂੰ ਵੀ ਇਸੇ ਨਜ਼ਰੀਏ ਨਾਲ ਦੇਖਣ ਦੀ ਲੋੜ ਹੈ। ਇਨ੍ਹਾਂ ਤਿੰਨਾਂ ਦੀ ਸਿਆਸੀ ਸ਼ੈਲੀ, ਵਿਚਾਰਧਾਰਕ ਪਹੁੰਚ ਅਤੇ ਲੋਕਾਂ ਨਾਲ ਸੰਬੰਧ ਵੱਖੋ-ਵੱਖਰੇ ਹਨ। ਇਨ੍ਹਾਂ ਦੇ ਹਰ ਬਿਆਨ ਜਾਂ ਹਰ ਫ਼ੈਸਲੇ ਨਾਲ ਸਹਿਮਤ ਹੋਣਾ ਜ਼ਰੂਰੀ ਨਹੀਂ। ਪਰ ਪੰਜਾਬ ਦੇ ਮਸਲਿਆਂ ਉੱਤੇ ਉਨ੍ਹਾਂ ਵੱਲੋਂ ਉਠਾਏ ਜਾਂਦੇ ਸਵਾਲਾਂ, ਸਰਕਾਰ ਦੀ ਆਲੋਚਨਾ ਕਰਨ ਦੇ ਢੰਗ ਅਤੇ ਪਾਰਟੀ ਦੇ ਅੰਦਰ ਸੁਤੰਤਰ ਰਾਇ ਰੱਖਣ ਦੀ ਸਮਰੱਥਾ ਨੂੰ ਨਜ਼ਰਅੰਦਾਜ਼ ਕਰਕੇ ਕਾਂਗਰਸ ਆਪਣਾ ਹੀ ਨੁਕਸਾਨ ਕਰੇਗੀ। ਖਹਿਰਾ ਦੀ ਸਿਆਸਤ ਵਿੱਚ ਪੰਜਾਬ ਦੇ ਹੱਕਾਂ, ਸੰਘੀ ਢਾਂਚੇ ਅਤੇ ਕੇਂਦਰੀ ਦਖ਼ਲਅੰਦਾਜ਼ੀ ਦੇ ਵਿਰੋਧ ਵਰਗੇ ਮੁੱਦੇ ਅਕਸਰ ਉੱਭਰਦੇ ਹਨ,ਪੰਜਾਬ ਅੰਦਰ ਪਰਵਾਸੀਆਂ ਦੀ ਵਧਾਈ ਜਾ ਰਹੀ ਗਿਣਤੀ ਅਤੇ ਜਾਇਦਾਦ ਖਰੀਦਣ ਦੇ ਮੁੱਦੇ ਤੇ ਪੰਜਾਬ ਕਾਂਗਰਸ ਦੇ ਪਰਤਾਪ ਸਿੰਘ ਬਾਜਵਾ ਵਰਗੇ ਸੀਨੀਅਰ ਆਗੂ ਨੇ ਹਾਈਕਮਾਂਡ ਦੀ ਘੁਰਕੀ ਦੇ ਡਰੋਂ ਸੁਖਪਾਲ ਖੈਹਰਾ ਦੇ ਬਿਆਨ ਤੋ ਆਪਣੇ ਆਪ ਨੂੰ ਪੂਰੀ ਤਰਾਂ ਅਲੱਗ ਹੀ ਨਹੀ ਸੀ ਕੀਤਾ ਬਲਕਿ ਦਲੀਲਾਂ ਨਾਲ ਪਰਵਾਸੀਆਂ ਦੇ ਪੰਜਾਬ ਚ ਵਸਣ ਨੂੰ ਜਾਇਜ ਵੀ ਠਹਿਰਾਇਆ ਸੀ। ਚਰਨਜੀਤ ਸਿੰਘ ਚੰਨੀ ਨੇ ਮੁੱਖ ਮੰਤਰੀ ਰਹਿੰਦਿਆਂ ਪੰਜਾਬ ਦੇ ਸਮਾਜਿਕ ਤਾਣੇ-ਬਾਣੇ ਅਤੇ ਦਲਿਤ ਵਰਗਾਂ ਦੀ ਨੁਮਾਇੰਦਗੀ ਦਾ ਸਵਾਲ ਸਿਆਸਤ ਦੇ ਕੇਂਦਰ ਵਿੱਚ ਲਿਆਉਣ ਦੀ ਕੋਸ਼ਿਸ਼ ਕੀਤੀ ਸੀ। ਪਰਗਟ ਸਿੰਘ ਨੇ ਵੀ ਕਈ ਮੌਕਿਆਂ ਉੱਤੇ ਪਾਰਟੀ ਦੇ ਅੰਦਰ ਅਤੇ ਬਾਹਰ ਸਵਾਲ ਉਠਾਉਣ ਵਾਲੇ ਆਗੂ ਵਜੋਂ ਆਪਣੀ ਪਛਾਣ ਬਣਾਈ ਹੈ,ਜੇਕਰ ਐਨੀ ਵੱਡੀ ਪਾਰਟੀ ਦੇ ਅੰਦਰ ਪੰਜਾਬ ਦੀ ਗੱਲ ਕਰਨ ਵਾਲੇ ਆਗੂਆਂ ਦੀ ਗਿਣਤੀ ਚੰਨੀ,ਖਹਿਰਾ, ਪਰਗਟ ਤੇ ਆਕੇ ਖਤਮ ਹੋ ਜਾਂਦੀ ਹੈ,ਤਾਂ ਇਹ ਕਾਂਗਰਸ ਪਾਰਟੀ ਦੀ ਪੰਜਾਬ ਪ੍ਰਸਤੀ ਤੇ ਵੱਡਾ ਸਵਾਲੀਆ ਨਿਸ਼ਾਨ ਹੈ। ਕਿਸੇ ਵੀ ਸੂਬਾਈ ਆਗੂ ਦੀ ਅਸਲ ਪਛਾਣ ਇਸ ਗੱਲ ਤੋਂ ਹੋਣੀ ਚਾਹੀਦੀ ਹੈ ਕਿ ਉਹ ਲੋਕਾਂ ਦੇ ਕਿੰਨਾ ਨੇੜੇ ਹੈ, ਪੰਜਾਬ ਦੇ ਹੱਕਾਂ ਬਾਰੇ ਕਿੰਨਾ ਸਪਸ਼ਟ ਹੈ ਅਤੇ ਆਪਣੀ ਪਾਰਟੀ ਦੀਆਂ ਗਲਤੀਆਂ ਨੂੰ ਕਿੰਨੀ ਇਮਾਨਦਾਰੀ ਨਾਲ ਸੁਧਾਰ ਸਕਦਾ ਹੈ,ਇਸੇ ਕਰਕੇ ਕਾਂਗਰਸ ਦੀ ਹਾਈਕਮਾਂਡ ਲਈ ਸਭ ਤੋਂ ਵੱਡਾ ਸਵਾਲ ਹੀ ਇਹ ਹੈ ਕਿ ਉਹ ਪੰਜਾਬ ਦੇ ਅਜਿਹੇ ਆਗੂਆਂ ਨੂੰ ਆਪਣੀ ਜਥੇਬੰਦੀ ਦੀ ਤਾਕਤ ਕਿਉਂ ਨਹੀਂ ਬਣਾਉਂਦੀ। ਜੇਕਰ ਪਾਰਟੀ ਦੀ ਅੰਦਰੂਨੀ ਸਿਆਸਤ ਵਿੱਚ ਵਫ਼ਾਦਾਰੀ ਦਾ ਅਰਥ ਸਿਰਫ਼ ਆਗੂਆਂ ਦੀ ਜੀ-ਹਜ਼ੂਰੀ ਰਹਿ ਜਾਵੇ ਤਾਂ ਸੁਤੰਤਰ ਸੋਚ ਰੱਖਣ ਵਾਲੇ ਲੋਕ ਹੌਲੀ-ਹੌਲੀ ਪਿੱਛੇ ਧੱਕੇ ਜਾਂਦੇ ਹਨ। ਫਿਰ ਪਾਰਟੀ ਦੇ ਅੰਦਰ ਅਜਿਹੇ ਲੋਕਾਂ ਦੀ ਗਿਣਤੀ ਵਧਦੀ ਜਾਂਦੀ ਹੈ, ਜਿਹੜੇ ਅਹੁਦਿਆਂ ਦੀ ਰੱਖਿਆ ਤਾਂ ਕਰ ਸਕਦੇ ਹਨ, ਪਰ ਲੋਕਾਂ ਦੇ ਮਨਾਂ ਵਿੱ

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ 4 ਸਤੰਬਰ, 2026 ਤੋਂ ਆਰੰਭ ਹੋ ਚੁੱਕੀ ਹੈ ਜੋ ਕਿ 1 ਨਵੰਬਰ, 2026 ਨੂੰ ਨਗਰ ਕੀਰਤਨ ਨਾਲ ਸਮਾਪਤ ਹੋਵੇਗੀ।

ਪਹੁੰਚ ਰਹੇ ਜੱਥੇ ਅਤੇ ਪ੍ਰਚਾਰਕ

ਕੀਰਤਨੀ ਜਥੇ
- ਭਾਈ ਕਮਲਜੀਤ ਸਿੰਘ ਜੀ, ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ
- ਭਾਈ ਮਨਿੰਦਰ ਸਿੰਘ ਜੀ, ਸ੍ਰੀ ਨਗਰ ਵਾਲੇ

ਕਥਾ ਵਾਚਕ
- ਭਾਈ ਗੁਰਦੀਪ ਸਿੰਘ ਕਪੂਰਥਲੇ ਵਾਲੇ

ਢਾਡੀ
- ਭਾਈ ਸੁਖਵਿੰਦਰ ਸਿੰਘ ਅਨਮੋਲ ਜੀ ਅਤੇ ਜਥਾ

ਵਿਸ਼ੇਸ਼ ਕੀਰਤਨ ਸਮਾਗਮ

19 ਅਕਤੂਬਰ, 2026 ਦਿਨ ਸੋਮਵਾਰ ਤੋਂ ਰੋਜ਼ਾਨਾ ਸ਼ਾਮ ਦੇ 06:00 ਵਜੇ ਤੋਂ ਰਾਤ 10:00 ਵਜੇ ਤੱਕ
ਕੀਰਤਨ ਦੀਵਾਨ ਆਰੰਭ ਹੋਣਗੇ ਜੀ।

ਇਸਤੋਂ ਇਲਾਵਾ ਹੋਰ ਕਈ ਉੱਚ ਕੋਟੀ ਦੇ ਰਾਗੀ ਅਤੇ ਢਾਡੀ ਅਤੇ ਕੀਰਤਨੀ ਜੱਥੇ ਸੰਗਤਾਂ ਨੂੰ ਰਸਭਿੰਨੇ ਕੀਰਤਨ ਤੇ ਕਥਾ ਵਿਚਾਰਾਂ ਨਾਲ ਗੁਰੂ ਦੀਆਂ ਸੰਗਤਾਂ ਨੂੰ ਨਿਹਾਲ ਕਰਨਗੇ |

ਬੱਚਿਆਂ ਦਾ ਵਿਸ ਕੀਰਤਨ ਦਰਬਾਰ
ਅਕਤੂਬਰ 10, 2026 ਦਿਨ ਸ਼ਨੀਵਾਰ
ਬੱਚਿਆਂ ਦਾ
ਵਿਸ਼ੇਸ਼ ਕੀਰਤਨ ਦਰਬਾਰ
ਸ਼ਾਮ 6:30 ਵਜੇ ਤੋਂ ਰਾਤ 09:30 ਹੋਵੇਗਾ ਜੀ

ਵਿਸ਼ੇਸ਼ ਢਾਡੀ ਦਰਬਾਰ ਅਤੇ ਸ਼ਹੀਦੀ ਦਿਵਸ
24 ਅਕਤੂਬਰ, 2026 ਦਿਨ ਸ਼ਨੀਵਾਰ ਨੂੰ
ਸ਼ਾਮ 6:30 ਵਜੇ ਤੋਂ 10:00 ਵਜੇ ਤੱਕ
ਸਮੂਹ ਸ਼ਹੀਦਾਂ ਦੀ ਸ਼ਹੀਦੀ ਨੂੰ ਸਮਰਪਿਤ ਵਿਸ਼ੇਸ਼
ਢਾਡੀ ਦੀਵਾਨ ਸੱਜਣਗੇ ਜੀ

ਰੈਣ ਸਬਾਈ ਕੀਰਤਨ
31 ਅਕਤੂਬਰ, 2026 ਦਿਨ ਸ਼ਨੀਵਾਰ ਨੂੰ
ਰੈਣ ਸਬਾਈ ਕੀਰਤਨ ਸ਼ਾਮ 6:00 ਵਜੇ ਤੋਂ
ਰਾਤ 1:00 ਤੱਕ ਹੋਵੇਗਾ ਜਿਸ ਵਿੱਚ ਪ੍ਰਸਿੱਧ ਰਾਗੀ ਜਥੇ
ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਨਿਹਾਲ ਕਰਨਗੇ

ਆਤਿਸ਼ਬਾਜ਼ੀ
30 ਅਕਤੂਬਰ, 2026
ਦਿਨ ਸ਼ੁੱਕਰਵਾਰ ਨੂੰ ਰਾਤ 8:00 ਵਜੇ
ਆਤਿਸ਼ਬਾਜ਼ੀ ਹੋਵੇਗੀ ਜੀ |

ਭਾਈ ਮਹਿਤਾਬ ਸਿੰਘ ਜੀ ਦਾ ਜਰੀਕਲੀ ਜਥਾ
12 ਅਕਤੂਬਰ, ਐਤਵਾਰ ਤੋਂ 17 ਅਕਤੂਬਰ, ਸ਼ਨੀਵਾਰ ਤੱਕ
ਸਮਾਂ: ਸ਼ਾਮ 8 ਵਜੇ ਤੋਂ 9:30 ਵਜੇ ਤੱਕ
›› 18 ਅਕਤੂਬਰ, ਐਤਵਾਰ ‹‹
ਸਮਾਂ: 12 ਵਜੇ ਤੋਂ 1:30 ਵਜੇ ਤੱਕ

ਦਸਤਾਰ ਮੁਕਾਬਲੇ
31 ਅਕਤੂਬਰ, ਸ਼ਨੀਵਾਰ
ਸਵੇਰੇ 11 ਵਜੇ

ਅੰਮ੍ਰਿਤ ਸੰਚਾਰ
31 ਅਕਤੂਬਰ, 2026 ਨੂੰ ਦਿਨ ਸ਼ਨੀਵਾਰ
ਸਵੇਰੇ 5:00 ਵਜੇ
ਅੰਮ੍ਰਿਤ ਸੰਚਾਰ ਹੋਵੇਗਾ ਜੀ |

ਨਿਸ਼ਾਨ ਸਾਹਿਬ ਦੇ ਚੋਲੇ ਦੀ ਸੇਵਾ
31 ਅਕਤੂਬਰ, 2026 ਦਿਨ ਸ਼ਨੀਵਾਰ
ਸਵੇਰੇ 8:00 ਵਜੇ ਨਿਸ਼ਾਨ ਸਾਹਿਬ ਜੀ ਦੇ
ਚੋਲੇ ਦੀ ਸੇਵਾ ਹੋਵੇਗੀ ਜੀ |

ਸੈਮੀਨਾਰ
31 ਅਕਤੂਬਰ, ਸ਼ਨੀਵਾਰ
ਸਮਾਂ: 2 ਵਜੇ ਤੋਂ 4 ਵਜੇ ਤੱਕ

ਭੋਗ ਅਤੇ ਕੀਰਤਨ ਸਮਾਗਮ
1 ਨਵੰਬਰ, 2026 ਦਿਨ ਐਤਵਾਰ ਨੂੰ
ਸਵੇਰੇ 7:30 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ
ਪਾਏ ਜਾਣਗੇ ਜੀ ਅਤੇ ਉਪਰੰਤ ਕੀਰਤਨ ਸਮਾਗਮ ਅਰੰਭ ਹੋਵੇਗਾ ਜੀ |

ਨਗਰ ਕੀਰਤਨ
1 ਨਵੰਬਰ, 2026 ਦਿਨ ਐਤਵਾਰ ਨੂੰ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਸਵੇਰੇ 9:00 ਵਜੇ ਸ਼ੁਰੂ ਹੋ ਕੇ ਸ਼ਾਮ 4:00 ਵਜੇ ਗੁਰਦੁਆਰਾ ਸਾਹਿਬ ਪਹੁੰਚੇਗਾ | ਉਪਰੰਤ ਸਮਾਪਤੀ ਦੀ ਅਰਦਾਸ ਹੋਵੇਗੀ ਜੀ |

ਜ਼ਰੂਰੀ ਬੇਨਤੀ ਸਮੂਹ ਨਾਨਕ ਨਾਮ ਲੇਵਾ ਸੰਗਤ ਨੂੰ ਬੇਨਤੀ ਹੈ ਕਿ ਆਪਣੇ ਪਰਿਵਾਰਾਂ ਸਮੇਤ ਆ ਕੇ ਨਗਰ ਕੀਰਤਨ ਵਿੱਚ ਹਾਜ਼ਰੀਆਂ ਭਰ ਕੇ ਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ |

ਨਗਰ ਕੀਰਤਨ ਦਾ ਰੂਟ ਪਿਛਲੇ ਸਾਲ ਵਾਲਾ ਹੀ ਹੋਵੇਗਾ, ਗੱਡੀਆਂ ਦੀ ਪਾਰਕਿੰਗ ਸਿਰਫ਼ ਨੀਯਤ ਜਗ੍ਹਾ 'ਤੇ ਹੀ ਕੀਤੀ ਜਾਵੇਗੀ ਜੀ, ਰਿਵਰ ਵੈਲੀ ਹਾਈ ਸਕੂਲ ਤੋਂ ਗੁਰੂ ਘਰ ਲਈ ਸਵੇਰੇ 8 :00 ਵਜੇ ਤੋਂ ਸ਼ਾਮ 6:30 ਤੱਕ ਫ਼ਰੀ ਬੱਸਾਂ ਦਾ ਪ੍ਰਬੰਧ ਹੋਵੇਗਾ ਅਤੇ ਸਕਿਉਰਿਟੀ ਦਾ ਖ਼ਾਸ ਪ੍ਰਬੰਧ ਕੀਤਾ ਗਿਆ ਹੈ ਜੀ ਅਤੇ ਦੁਕਾਨਾਂ ਦਾ ਬਜ਼ਾਰ ਪਿਛਲੇ ਸਾਲ ਵਾਲੀ ਜਗ੍ਹਾ ਤੇ ਹੀ ਹੋਵੇਗਾ ਜੀ |

ਬੇਨਤੀ ਕਰਤਾ : ਗੁਰੂ ਘਰ ਦੇ ਦਾਸ ਸਮੂਹ ਪ੍ਰਬੰਧਕ ਕਮੇਟੀ : ਵਧੇਰੇ ਜਾਣਕਾਰੀ ਲਈ ਸੰਪਰਕ ਕਰੋ ਜੀ

ਭਾਈ ਰਣਜੀਤ ਸਿੰਘ ਜੀ (ਹੈੱਡ ਗ੍ਰੰਥੀ ਯੂਬਾ ਸਿਟੀ) (530) 673-9918, (530) 799-6989
ਚੇਅਰਮੈਨ ਸ: ਦਿਲਬਾਗ ਸਿੰਘ ਜੀ ਬੈਂਸ (530) 682-9316, ਪ੍ਰਧਾਨ ਸ: ਸਰਬਜੀਤ ਸਿੰਘ ਜੀ ਬਿਆੜਾ (530) 682-5861
ਸੈਕਟਰੀ ਸ: ਤੇਜਿੰਦਰ ਸਿੰਘ ਜੀ ਦੋਸਾਂਝ (530) 751-6322, ਖਜਾਨਚੀ ਸ : ਹਰਨੇਕ ਸਿੰਘ ਜੀ (530) 682-8094

ਪੰਜਾਬ ਵਿਧਾਨ ਸਭਾ ਚੋਣਾਂ ਲਈ ਭਾਰਤੀ ਚੋਣ ਕਮਿਸ਼ਨ ਅਤੇ ਬੀ.ਈ.ਐਲ ਦੇ ਵਫ਼ਦ ਨੇ ਐਫ.ਐਲ.ਸੀ ਵਰਕਸ਼ਾਪ ਅਤੇ ਲਾਗੂਕਰਨ ਏਜੰਸੀਆਂ ਦੇ ਕੰਮਕਾਜ ਦੀ ਕੀਤੀ ਸਮੀਖਿਆ

ਚੰਡੀਗੜ੍ਹ ਸਾਂਝੀ ਸੋਚ ਬਿਊਰੋ

ਭਾਰਤੀ ਚੋਣ ਕਮਿਸ਼ਨ ਦੇ ਸੀਨੀਅਰ ਡਿਪਟੀ ਚੋਣ ਕਮਿਸ਼ਨਰਾਂ, ਡਾਇਰੈਕਟਰ ਜਨਰਲਾਂ ਅਤੇ ਹੋਰ ਸੀਨੀਅਰ ਅਧਿਕਾਰੀਆਂ ਦੇ ਇੱਕ ਵਫ਼ਦ ਨੇ ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਮੁੱਖ ਚੋਣ ਅਫ਼ਸਰ, ਸਟੇਟ ਪੁਲਿਸ ਨੋਡਲ ਅਫ਼ਸਰ ਅਤੇ ਵੱਖ-ਵੱਖ ਕੇਂਦਰੀ ਤੇ ਸੂਬਾਈ ਲਾਗੂਕਰਨ ਏਜੰਸੀਆਂ ਨਾਲ ਇੱਕ ਸਮੀਖਿਆ ਮੀਟਿੰਗ ਕੀਤੀ। ਇਸੇ ਦਿਨ 'ਫਸਟ ਲੈਵਲ ਚੈਕਿੰਗ' (ਐਫਐਲਸੀ) ਵਰਕਸ਼ਾਪ ਵੀ ਕਰਵਾਈ ਗਈ, ਜਿਸ ਦਾ ਉਦੇਸ਼ ਸਬੰਧਤ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਈ.ਵੀ.ਐਮਜ਼ ਅਤੇ ਵੀ.ਵੀ.ਪੀ.ਏ.ਟੀਜ਼ ਦੀ 'ਫਸਟ ਲੈਵਲ ਚੈਕਿੰਗ' ਨਾਲ ਸਬੰਧਤ ਤਕਨੀਕੀ ਅਤੇ ਪ੍ਰਸ਼ਾਸਕੀ ਅਮਲਾਂ ਬਾਰੇ ਸਿਖਲਾਈ ਵੀ ਦਿੱਤੀ ਗਈ। ਸੀਈਓ, ਪੰਜਾਬ ਨੇ ਦੱਸਿਆ ਕਿ ਜ਼ਿਲ੍ਹਿਆਂ ਵਿੱਚ 12 ਨਵੰਬਰ ਤੋਂ ਸ਼ੁਰੂ ਹੋਣ ਵਾਲੀ ਐਫ.ਐਲ.ਸੀ. ਦੀ ਮੁਕੰਮਲ ਪ੍ਰਕਿਰਿਆ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਚੋਣ ਅਫ਼ਸਰ ਦੀ ਸਖ਼ਤ ਨਿਗਰਾਨੀ ਹੇਠ



ਪੂਰੀ ਪਾਰਦਰਸ਼ਤਾ ਨਾਲ ਕੀਤੀ ਜਾਵੇਗੀ। ਇਸ ਦੌਰਾਨ ਭਾਰਤ ਇਲੈਕਟ੍ਰਾਨਿਕਸ ਲਿਮਟਿਡ (ਬੀਈਐਲ) ਦੇ ਮਾਹਰ ਇੰਜੀਨੀਅਰਾਂ ਵਲੋਂ ਅਮਲੀ ਸਿਖਲਾਈ ਵੀ ਦਿੱਤੀ ਗਈ, ਜਿਸ ਤੋਂ ਬਾਅਦ ਇੱਕ ਮੁਲਾਂਕਣ ਅਤੇ ਸ਼ੰਕਿਆਂ ਨੂੰ ਦੂਰ ਕਰਨ ਸਬੰਧੀ ਸੈਸ਼ਨ ਵੀ ਕਰਵਾਇਆ ਗਿਆ।

ਵਰਕਸ਼ਾਪ ਵਿੱਚ ਜ਼ਿਲ੍ਹਾ ਚੋਣ ਅਫ਼ਸਰਾਂ, ਵਧੀਕ ਜ਼ਿਲ੍ਹਾ ਚੋਣ ਅਫ਼ਸਰਾਂ, ਐਫ.ਐਲ.ਸੀ. ਦੇ ਨੋਡਲ ਅਫ਼ਸਰਾਂ, ਮਾਸਟਰ ਟ੍ਰੇਨਰਾਂ, ਬੀ.ਈ.ਐਲ. ਮਾਹਿਰਾਂ ਅਤੇ ਹੋਰ ਸਬੰਧਤ ਅਧਿਕਾਰੀਆਂ ਨੇ ਭਾਗ ਲਿਆ।

ਇਸ ਦੌਰਾਨ ਐਫ.ਐਲ.ਸੀ ਪ੍ਰਕਿਰਿਆ ਨੂੰ ਨਿਰਧਾਰਤ ਪ੍ਰੋਟੋਕੋਲ, ਪਾਰਦਰਸ਼ਤਾ ਅਤੇ ਪੂਰੀ ਸਾਵਧਾਨੀ ਨਾਲ ਨੇਪਰੇ ਚਾੜ੍ਹਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਐਫ.ਐਲ.ਸੀ. ਵਰਕਸ਼ਾਪ ਤੋਂ ਬਾਅਦ, ਤਿਆਰੀਆਂ ਦਾ ਜਾਇਜ਼ਾ ਲੈਣ ਲਈ ਲਾਗੂ ਕਰਨ ਵਾਲੀਆਂ ਏਜੰਸੀਆਂ ਨਾਲ ਇੱਕ ਸਮੀਖਿਆ ਮੀਟਿੰਗ ਕੀਤੀ ਗਈ, ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਚੋਣਾਂ ਸਾਰੀਆਂ ਏਜੰਸੀਆਂ ਦੀ ਸ਼ਮੂਲੀਅਤ ਨਾਲ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਕਰਵਾਈਆਂ ਜਾਣ।

ਸੈਕਰਾਮੈਂਟੋ ਇਲਾਕੇ ਵਿਚ ਇਮੀਗ੍ਰੇਸ਼ਨ ਹਿਰਾਸਤਾਂ ਵਧਣ ਦੀ ਰਿਪੋਰਟ

ਸੈਕਰਾਮੈਂਟੋ ਸਾਂਝੀ ਸੋਚ ਬਿਊਰੋ

ਸੈਕਰਾਮੈਂਟੋ ਇਲਾਕੇ ਵਿਚ ਇਮੀਗ੍ਰੇਸ਼ਨ ਲਾਗੂ ਕਰਨ ਵਾਲੇ ਅਧਿਕਾਰੀਆਂ ਦੀ ਕਾਰਵਾਈ ਵਧਣ ਦੀਆਂ ਰਿਪੋਰਟਾਂ ਸਾਹਮਣੇ ਆਈਆਂ ਹਨ। ਖ਼ਬਰ ਮੁਤਾਬਕ, ਸਿਟਰਸ ਹਾਈਟਸ ਇਲਾਕੇ ਵਿਚ ਕਈ ਲੋਕਾਂ ਨੂੰ ਹਿਰਾਸਤ ਵਿਚ ਲਏ ਜਾਣ ਦੀ ਸੂਚਨਾ ਮਿਲੀ।

ਇਸ ਖ਼ਬਰ ਵਿਚ ਸੈਕਰਾਮੈਂਟੋ ਦੀ ਭਾਈਚਾਰਕ ਸੰਸਥਾ ਨੋਰਕੈਲ ਰਜ਼ਿਸਟ ਦੀ ਪ੍ਰੋਗਰਾਮ ਡਾਇਰੈਕਟਰ ਗਿਜ਼ੈਲ ਗਾਰਸੀਆ ਦੇ ਹਵਾਲੇ ਨਾਲ ਦੱਸਿਆ ਗਿਆ ਹੈ ਕਿ ਸੰਸਥਾ ਨੇ ਪਿਛਲੇ 14 ਦਿਨਾਂ ਦੌਰਾਨ 27 ਹਿਰਾਸਤਾਂ ਦੀ ਪੁਸ਼ਟੀ ਕੀਤੀ। ਇਹ ਗਿਣਤੀ ਇਸ ਤੋਂ ਪਹਿਲਾਂ ਦੇ 14 ਦਿਨਾਂ ਵਿਚ ਦਰਜ 21 ਮਾਮਲਿਆਂ ਨਾਲੋਂ ਵੱਧ ਦੱਸੀ ਗਈ ਹੈ। ਇਹ ਅੰਕੜੇ ਸੰਸਥਾ ਵੱਲੋਂ ਇਕੱਠੀ ਕੀਤੀ ਜਾਣਕਾਰੀ 'ਤੇ ਆਧਾਰਿਤ ਹਨ; ਇਹ ਸਰਕਾਰੀ ਗਿਣਤੀ ਨਹੀਂ ਹਨ। ਨੋਰਕੈਲ ਰਜ਼ਿਸਟ ਇਲਾਕੇ ਵਿਚ ਇਮੀਗ੍ਰੇਸ਼ਨ



ਕਾਰਵਾਈਆਂ 'ਤੇ ਨਜ਼ਰ ਰੱਖਦੀ ਅਤੇ ਪ੍ਰਭਾਵਿਤ ਪਰਿਵਾਰਾਂ ਨੂੰ ਸਹਾਇਤਾ ਦੇਣ ਵਾਲੀ ਸੰਸਥਾ ਹੈ। ਇਸ ਦੀ ਵੈੱਬਸਾਈਟ ਮੁਤਾਬਕ, ਇਹ ਹਿਰਾਸਤ ਵਿਚ ਲਏ ਗਏ ਲੋਕਾਂ ਲਈ ਸਹਾਇਤਾ ਅਤੇ ਇਮੀਗ੍ਰੇਸ਼ਨ ਮਾਮਲਿਆਂ ਬਾਰੇ ਜਾਣਕਾਰੀ ਵੀ ਦਿੰਦੀ ਹੈ। ਇਹ ਨਹੀਂ ਦੱਸਿਆ ਗਿਆ ਕਿ ਹਿਰਾਸਤ ਵਿਚ ਲਏ ਗਏ ਲੋਕ ਕਿਹੜੇ ਦੇਸ਼ਾਂ ਦੇ ਸਨ, ਉਨ੍ਹਾਂ ਨੂੰ ਕਿੱਥੇ ਲਿਜਾਇਆ ਗਿਆ ਜਾਂ ਉਨ੍ਹਾਂ ਖ਼ਿਲਾਫ਼ ਕੀ ਕਾਰਵਾਈ ਹੋਈ। ਇਸ ਲਈ ਇਨ੍ਹਾਂ ਵੇਰਵਿਆਂ ਬਾਰੇ ਪੱਕੀ ਜਾਣਕਾਰੀ ਦੇਣਾ ਸੰਭਵ ਨਹੀਂ। ਹਿਰਾਸਤ ਵਿਚ ਲਏ ਕਿਸੇ ਵਿਅਕਤੀ ਦੇ ਪਰਿਵਾਰ ਨੂੰ ਉਸ ਦੀ ਥਾਂ ਜਾਂ ਕੇਸ ਬਾਰੇ ਪਤਾ ਨਾ ਲੱਗੇ, ਤਾਂ ਸਥਾਨਕ ਇਮੀਗ੍ਰੇਸ਼ਨ ਸਹਾਇਤਾ ਸੰਸਥਾ ਜਾਂ ਵਕੀਲ ਨਾਲ ਸੰਪਰਕ ਕਰਨਾ ਲਾਭਦਾਇਕ ਹੋ ਸਕਦਾ ਹੈ। ਸੈਕਰਾਮੈਂਟੋ ਰੈਪਿਡ ਰਿਸਪਾਂਸ ਨੈੱਟਵਰਕ ਰਾਹੀਂ ਹਿਰਾਸਤ ਵਾਲੇ ਮਾਮਲਿਆਂ ਲਈ ਕਾਨੂੰਨੀ ਸਹਾਇਤਾ ਦੇ ਹਵਾਲੇ ਵੀ ਦਿੱਤੇ ਜਾਂਦੇ ਹਨ।

ਟਰੰਪ ਨੇ ਤੀਜੇ ਕਾਰਜਕਾਲ ਦਾ ਜ਼ਿਕਰ ਕੀਤਾ ਪਰ ਸੰਵਿਧਾਨ ਇਸ ਦੀ ਇਜਾਜ਼ਤ ਨਹੀਂ ਦਿੰਦਾ

ਵਾਸ਼ਿੰਗਟਨ ਸਾਂਝੀ ਸੋਚ ਬਿਊਰੋ

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ 20 ਅਕਤੂਬਰ ਨੂੰ ਵ੍ਹਾਈਟ ਹਾਊਸ ਵਿਚ ਸਰਕਾਰੀ ਧੋਖਾਧੜੀ ਬਾਰੇ ਨਵੀਂ ਯੋਜਨਾ ਦਾ ਐਲਾਨ ਕਰਦੇ ਹੋਏ ਗੱਲਬਾਤ ਦੌਰਾਨ ਆਪਣੇ ਤੀਜੇ ਕਾਰਜਕਾਲ ਦਾ ਜ਼ਿਕਰ ਕੀਤਾ। ਸਰਹੱਦ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਉਨ੍ਹਾਂ ਦੇ ''ਦੂਜੇ ਕਾਰਜਕਾਲ ਜਾਂ ਤੀਜੇ ਕਾਰਜਕਾਲ ਦੀ ਸ਼ੁਰੂਆਤ ਤੋਂ'' ਮਜ਼ਬੂਤ ਹੈ ਇਹ ਗੱਲ ਇਸ ਉੱਤੇ ਨਿਰਭਰ ਕਰਦੀ ਹੈ ਕਿ ਕੋਈ ਇਸ ਨੂੰ ਕਿਵੇਂ ਪਰਿਭਾਸ਼ਤ ਕਰਦਾ ਹੈ। ਫਿਰ ਉਨ੍ਹਾਂ ਕਿਹਾ ਕਿ ਉਹ ਤੀਜਾ ਕਾਰਜਕਾਲ ਚਾਹੁੰਦੇ ਹਨ, ਪਰ ਦੂਜੇ ਕਾਰਜਕਾਲ ਦੇ ਨਤੀਜੇ ਨਹੀਂ ਚਾਹੁੰਦੇ।

ਇਹ ਗੱਲ ਉਨ੍ਹਾਂ ਨੇ ਕਿਸੇ ਰਸਮੀ ਐਲਾਨ ਜਾਂ ਚੋਣ ਮੁਹਿੰਮ ਦੌਰਾਨ ਨਹੀਂ ਕਹੀ। ਉਹ ਸਰਹੱਦ ਦੀ ਸੁਰੱਖਿਆ ਅਤੇ ਅਰਥਵਿਵਸਥਾ ਬਾਰੇ ਆਪਣੇ ਵਿਚਾਰ ਰੱਖ ਰਹੇ ਸਨ। ਨਿਊ ਰਿਪਬਲਿਕ ਨੇ ਇਸ ਬਿਆਨ ਨੂੰ ਤੀਜੇ ਕਾਰਜਕਾਲ ਬਾਰੇ ਟਰੰਪ ਦੀ ਟਿੱਪਣੀ ਵਜੋਂ ਪੇਸ਼ ਕੀਤਾ। ਟਰੰਪ ਨੇ ਇਸ ਮੌਕੇ 2020 ਦੀਆਂ ਚੋਣਾਂ ਵਿਚ ਧੋਖਾਧੜੀ ਹੋਣ ਦੇ ਦਾਅਵੇ ਵੱਲ ਵੀ ਇਸ਼ਾਰਾ ਕੀਤਾ। ਉਨ੍ਹਾਂ ਦੇ ਇਸ ਦਾਅਵੇ ਨੂੰ ਸਾਬਤ ਤੱਥ ਵਜੋਂ ਨਹੀਂ ਲੈਣਾ ਚਾਹੀਦਾ। ਅਮਰੀਕੀ ਸੰਵਿਧਾਨ ਦੀ 22ਵੀਂ ਸੋਧ ਅਨੁਸਾਰ ਕੋਈ ਵਿਅਕਤੀ ਦੋ ਵਾਰ ਤੋਂ ਵੱਧ ਰਾਸ਼ਟਰਪਤੀ ਚੁਣਿਆ ਨਹੀਂ ਜਾ ਸਕਦਾ। ਟਰੰਪ ਦੋ ਵਾਰ ਰਾਸ਼ਟਰਪਤੀ ਚੁਣੇ ਜਾ ਚੁੱਕੇ ਹਨ, ਇਸ ਲਈ ਮੌਜੂਦਾ ਨਿਯਮਾਂ ਹੇਠ ਉਹ ਤੀਜੀ ਵਾਰ ਰਾਸ਼ਟਰਪਤੀ ਚੁਣੇ ਜਾਣ ਦੇ ਯੋਗ ਨਹੀਂ ਹਨ। ਤੀਜੇ ਕਾਰਜਕਾਲ ਦੀ ਇਜਾਜ਼ਤ ਦੇਣ ਲਈ ਸੰਵਿਧਾਨ ਵਿਚ ਸੋਧ ਦੀ ਲੋੜ ਪਵੇਗੀ। ਇਸ ਲਈ ਟਰੰਪ ਦੀ ਟਿੱਪਣੀ ਨਾਲ ਤੀਜਾ ਕਾਰਜਕਾਲ ਸ਼ੁਰੂ ਨਹੀਂ ਹੁੰਦਾ ਅਤੇ ਨਾ ਹੀ ਸੰਵਿਧਾਨਕ ਹੱਦ ਬਦਲਦੀ ਹੈ। ਇਹ ਉਨ੍ਹਾਂ ਦਾ ਜਨਤਕ ਬਿਆਨ ਸੀ, ਜਦਕਿ ਰਾਸ਼ਟਰਪਤੀ ਦੇ ਕਾਰਜਕਾਲ ਦੀ ਹੱਦ ਸੰਵਿਧਾਨ ਤੈਅ ਕਰਦਾ ਹੈ।



ਟਰੰਪ ਦੇ ਗ੍ਰੀਨ ਕਾਰਡ ਕਦਮ ਨਾਲ ਭਾਰਤੀ ਤਕਨੀਕੀ ਕਾਮਿਆਂ ਦੀ ਚਿੰਤਾ ਵਧੀ

ਵਾਸ਼ਿੰਗਟਨ ਸਾਂਝੀ ਸੋਚ ਬਿਊਰੋ

ਅਮਰੀਕਾ ਵਿਚ ਕਈ ਭਾਰਤੀ ਤਕਨੀਕੀ ਕਾਮੇ ਸਾਲਾਂ ਤੋਂ ਨੌਕਰੀ ਕਰ ਰਹੇ ਹਨ। ਉਨ੍ਹਾਂ ਵਿਚੋਂ ਬਹੁਤਿਆਂ ਲਈ ਪਹਿਲਾਂ ਕੰਮ ਦਾ ਵੀਜ਼ਾ ਲੈਣਾ, ਫਿਰ ਗ੍ਰੀਨ ਕਾਰਡ ਰਾਹੀਂ ਪੱਕੀ ਰਿਹਾਇਸ਼ ਹਾਸਲ ਕਰਨਾ ਇੱਕ ਜਾਣਿਆ-ਪਛਾਣਿਆ ਰਾਹ ਰਿਹਾ ਹੈ। ਪਰ ਟਰੰਪ ਪ੍ਰਸ਼ਾਸਨ ਦੇ ਨਵੇਂ ਕਦਮ ਨਾਲ ਇਸ ਰਾਹ ਵਿਚ ਰੁਕਾਵਟ ਆਈ ਹੈ।

8 ਅਕਤੂਬਰ ਨੂੰ ਅਮਰੀਕੀ ਸਰਕਾਰ ਨੇ ਅੱਠ ਤਕਨੀਕੀ ਕੰਪਨੀਆਂ ਦੇ ਕਰਮਚਾਰੀਆਂ ਲਈ ਰੁਜ਼ਗਾਰ-ਅਧਾਰਿਤ ਗ੍ਰੀਨ ਕਾਰਡ ਪ੍ਰਕਿਰਿਆ ਦੇ ਇੱਕ ਅਹਿਮ ਹਿੱਸੇ, ਪਰਮ (ਫਓ), ਉੱਤੇ ਰੋਕ ਲਾਈ। ਇਸ ਸੂਚੀ ਵਿਚ ਮਾਈਕ੍ਰੋਸਾਫਟ, ਐਡੋਬੀ, ਕਾਗਨਿਜ਼ੈਂਟ, ਇਨਫੋਸਿਸ, ਟਾਟਾ ਕੰਸਲਟੈਂਸੀ ਸਰਵਿਸਿਜ਼, ਵਿਪਰੋ, ਐੱਚ.ਸੀ.ਐੱਲ. ਅਤੇ ਕੈਪਜੈਮਿਨੀ ਸ਼ਾਮਲ ਹਨ। ਸਰਕਾਰ ਦਾ ਕਹਿਣਾ ਹੈ ਕਿ ਕੁਝ ਕੰਪਨੀਆਂ ਵੱਲੋਂ ਨਿਯਮਾਂ ਦੀ ਉਲੰਘਣਾ ਅਤੇ ਅਮਰੀਕੀ ਕਾਮਿਆਂ ਦੀ ਨੌਕਰੀ ਨੂੰ ਨੁਕਸਾਨ ਪਹੁੰਚਣ ਬਾਰੇ ਜਾਂਚ ਕੀਤੀ ਜਾ ਰਹੀ ਹੈ। ਰਾਇਟਰਜ਼ ਮੁਤਾਬਕ, ਇਨ੍ਹਾਂ ਕੰਪਨੀਆਂ ਨਾਲ ਜੁੜੀਆਂ ਨਵੀਆਂ ਅਤੇ ਪਹਿਲਾਂ ਤੋਂ ਲੰਬਿਤ ਅਰਜ਼ੀਆਂ ਦੀ ਕਾਰਵਾਈ ਰੋਕੀ ਗਈ ਹੈ।

ਪਰਮ ਪ੍ਰਕਿਰਿਆ ਵਿਚ ਮਾਲਕ ਨੂੰ ਇਹ ਦਿਖਾਉਣਾ ਪੈਂਦਾ ਹੈ ਕਿ ਉਸ ਖ਼ਾਸ ਨੌਕਰੀ ਲਈ ਯੋਗ ਅਮਰੀਕੀ ਕਾਮਾ ਉਪਲਬਧ ਨਹੀਂ।

ਇਸ ਕਦਮ ਨਾਲ ਕੰਪਨੀਆਂ ਵੱਲੋਂ ਆਪਣੇ ਵਿਦੇਸ਼ੀ ਕਰਮਚਾਰੀਆਂ ਲਈ ਗ੍ਰੀਨ ਕਾਰਡ ਦੀ ਸਿਫ਼ਾਰਸ਼ ਕਰਨ ਵਿਚ ਦੇਰੀ ਹੋ ਸਕਦੀ ਹੈ। ਲੰਬੇ ਸਮੇਂ ਤੋਂ ਗ੍ਰੀਨ ਕਾਰਡ ਦੀ ਉਡੀਕ ਕਰ ਰਹੇ ਭਾਰਤੀ ਕਰਮਚਾਰੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਇਸ ਕਾਰਨ ਭਵਿੱਖ ਬਾਰੇ ਅਨਿਸ਼ਚਿਤਤਾ ਹੈ।

ਇਹ ਰੋਕ ਆਪਣੇ ਆਪ ਮੌਜੂਦਾ ਐੱਚ-1ਬੀ ਵੀਜ਼ੇ ਰੱਦ ਨਹੀਂ ਕਰਦੀ। ਭਾਰਤ ਦੇ ਵਿਦੇਸ਼ ਮੰਤਰਾਲੇ ਨੇ ਵੀ ਕਿਹਾ ਸੀ ਕਿ ਪਰਮ ਪ੍ਰਕਿਰਿਆ ਅਤੇ ਐੱਚ-1ਬੀ ਵੀਜ਼ਾ ਵੱਖਰੇ ਹਨ। ਇਸ ਲਈ ਕਰਮਚਾਰੀਆਂ ਨੂੰ ਆਪਣੀ ਵੀਜ਼ਾ ਮਿਆਦ ਅਤੇ ਕੇਸ ਦੀ ਸਥਿਤੀ ਵੱਖਰੇ ਤੌਰ 'ਤੇ ਜਾਂਚਣੀ ਚਾਹੀਦੀ ਹੈ।

ਭਾਰਤੀ ਤਕਨੀਕੀ ਉਦਯੋਗ ਨਾਲ ਜੁੜੀ ਨਾਸਕਾਮ ਨੇ ਕਿਹਾ ਹੈ ਕਿ ਭਾਰਤੀ ਕੰਪਨੀਆਂ ਹੁਣ ਅਮਰੀਕਾ ਵਿਚ ਸਥਾਨਕ ਭਰਤੀ ਵਧਾ ਰਹੀਆਂ ਹਨ ਅਤੇ ਪਰਮ ਰਾਹੀਂ ਪੱਕੀ ਰਿਹਾਇਸ਼ ਲੈਣ ਵਾਲੇ ਕਰਮਚਾਰੀਆਂ ਦੀ ਗਿਣਤੀ ਸੀਮਤ ਹੈ।

ਪਰ ਲੰਬੀ ਦੇਰੀ ਨਾਲ ਕਾਮਿਆਂ ਨੂੰ ਨਵੀਆਂ ਨੌਕਰੀਆਂ ਜਾਂ ਹੋਰ ਦੇਸ਼ਾਂ ਦੇ ਮੌਕਿਆਂ ਬਾਰੇ ਸੋਚਣਾ ਪੈ ਸਕਦਾ ਹੈ। ਪ੍ਰਭਾਵਿਤ ਕਰਮਚਾਰੀ ਆਪਣੇ ਕੇਸ ਦੇ ਕਾਗਜ਼ਾਤ ਸੰਭਾਲਣ ਅਤੇ ਲਾਇਸੈਂਸਸ਼ੁਦਾ ਇਮੀਗ੍ਰੇਸ਼ਨ ਵਕੀਲ ਤੋਂ ਸਲਾਹ ਲੈਣ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ



Sikandar Singh Grewal &
Charanjit Kaur Grewal
(Tracy)

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ



Jay Gill

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ



Baljit Singh

Delhi Gas Station

Waterford Gas Station

Dollar City Corp Stores



Gurvir Sandhu

ਪਾਕਿਸਤਾਨੀ ਪੀਐੱਮ ਸ਼ਹਿਬਾਜ਼ ਸ਼ਰੀਫ਼ ਕਰਨਗੇ ਰੂਸ ਦਾ ਦੌਰਾ ਰਾਸ਼ਟਰਪਤੀ ਪੁਤਿਨ ਨਾਲ ਹੋਵੇਗੀ ਅਹਿਮ ਮੁਲਾਕਾਤ

ਇਸਲਾਮਾਬਾਦ
ਸਾਂਝੀ ਸੋਚ ਬਿਊਰੋ



ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਹਿਬਾਜ਼ ਸ਼ਰੀਫ਼ ਆਉਣ ਵਾਲੇ ਹਫ਼ਤਿਆਂ ਵਿੱਚ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨਾਲ ਗੱਲਬਾਤ ਕਰਨ ਲਈ ਰੂਸ ਦਾ ਦੌਰਾ ਕਰ ਸਕਦੇ ਹਨ। ਇਸ ਪ੍ਰਸਤਾਵਿਤ ਦੌਰੇ ਨੂੰ ਲੈ ਕੇ ਇਸਲਾਮਾਬਾਦ ਵੱਲੋਂ ਅਜੇ ਤੱਕ ਕੋਈ ਅਧਿਕਾਰਤ ਐਲਾਨ ਨਹੀਂ ਕੀਤਾ ਗਿਆ ਹੈ। ਮੀਡੀਆ ਰਿਪੋਰਟਾਂ ਮੁਤਾਬਕ ਮਾਸਕੋ ਦੇ ਇਸ ਪ੍ਰਸਤਾਵਿਤ ਦੌਰੇ ਵਿੱਚ ਮੁੱਖ ਤੌਰ 'ਤੇ ਦੁਵੱਲੇ ਆਰਥਿਕ ਸਹਿਯੋਗ, ਖ਼ਾਸ ਕਰਕੇ ਵਪਾਰ, ਨਿਵੇਸ਼ ਅਤੇ ਊਰਜਾ, 'ਤੇ ਚਰਚਾ ਹੋਣ ਦੀ ਉਮੀਦ ਹੈ। ਇਸ ਤੋਂ ਇਲਾਵਾ, ਖੇਤਰੀ ਸੁਰੱਖਿਆ ਅਤੇ ਅਫ਼ਗਾਨਿਸਤਾਨ ਦੇ ਮੁੱਦੇ ਵੀ ਸ਼ਰੀਫ਼ ਅਤੇ ਪੁਤਿਨ ਵਿਚਾਲੇ ਗੱਲਬਾਤ ਦਾ ਅਹਿਮ ਹਿੱਸਾ ਹੋ ਸਕਦੇ ਹਨ। ਪ੍ਰਧਾਨ ਮੰਤਰੀ ਦੇ ਰੂਸ ਦੌਰੇ ਦੀਆਂ ਤਿਆਰੀਆਂ ਚੱਲ ਰਹੀਆਂ ਹਨ। ਪ੍ਰਧਾਨ ਮੰਤਰੀ ਸ਼ਰੀਫ਼ ਦੀ ਮਾਸਕੋ ਦੀ ਅਧਿਕਾਰਤ ਯਾਤਰਾ ਪਹਿਲਾਂ ਮਾਰਚ ਵਿੱਚ ਤੈਅ ਕੀਤੀ ਗਈ ਸੀ, ਪਰ ਖੇਤਰੀ ਸੁਰੱਖਿਆ ਸਥਿਤੀ ਦੇ ਮੱਦੇਨਜ਼ਰ ਇਸਲਾਮਾਬਾਦ ਨੇ ਇਸ ਨੂੰ ਮੁਲਤਵੀ ਕਰ ਦਿੱਤਾ ਸੀ। ਹੁਣ ਆਪਸੀ ਸਲਾਹ-ਮਸ਼ਵਰੇ ਰਾਹੀਂ ਨਵੀਆਂ ਤਾਰੀਖਾਂ ਤੈਅ ਕੀਤੀਆਂ ਜਾਣਗੀਆਂ।

ਅਮਰੀਕੀ ਨਾਗਰਿਕਤਾ ਦੀਆਂ ਮਨਜ਼ੂਰੀਆਂ ਵਿਚ 72 ਫ਼ੀਸਦੀ ਵੱਡੀ ਕਮੀ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ



ਅਮਰੀਕਾ 'ਚ ਨਾਗਰਿਕਤਾ ਲਈ ਅਰਜ਼ੀ ਦੇਣ ਵਾਲੇ ਗ੍ਰੀਨ ਕਾਰਡ ਧਾਰਕਾਂ ਦੀ ਉਡੀਕ ਲਗਾਤਾਰ ਵਧ ਰਹੀ ਹੈ। ਨਵੀਂ ਰਿਪੋਰਟ ਮੁਤਾਬਕ 2026 ਦੇ ਪਹਿਲੇ ਅੱਠ ਮਹੀਨਿਆਂ ਦੌਰਾਨ ਸਿਰਫ਼ 1 ਲੱਖ 73 ਹਜ਼ਾਰ ਲੋਕਾਂ ਦੀ ਅਮਰੀਕੀ ਨਾਗਰਿਕਤਾ ਮਨਜ਼ੂਰ ਹੋਈ। ਇਹ ਗਿਣਤੀ ਪਿਛਲੇ ਸਾਲ ਦੇ ਇਸੇ ਸਮੇਂ ਨਾਲੋਂ ਲਗਭਗ 72 ਫ਼ੀਸਦੀ ਘੱਟ ਹੈ। ਨਾਗਰਿਕਤਾ ਦੀਆਂ ਲੰਬਿਤ ਅਰਜ਼ੀਆਂ ਦੀ ਗਿਣਤੀ ਵੀ ਲਗਭਗ 5 ਲੱਖ ਤੋਂ ਵਧ ਕੇ 8 ਲੱਖ ਤੋਂ ਉੱਪਰ ਪਹੁੰਚ ਗਈ ਹੈ।

ਪਹਿਲਾਂ ਨਾਗਰਿਕਤਾ ਦੀ ਅਰਜ਼ੀ ਦਾ ਫ਼ੈਸਲਾ ਹੋਣ ਵਿਚ ਔਸਤਨ ਛੇ ਮਹੀਨੇ ਲੱਗਦੇ ਸਨ, ਪਰ ਹੁਣ ਉਡੀਕ ਦਾ ਸਮਾਂ ਲਗਭਗ 13 ਮਹੀਨੇ ਹੋ ਗਿਆ ਹੈ। ਕਈ ਬਿਨੈਕਾਰਾਂ ਦੇ ਇੰਟਰਵਿਊ ਦੇਰ ਨਾਲ ਹੋ ਰਹੇ ਹਨ ਅਤੇ ਕੁਝ ਥਾਵਾਂ ਉੱਤੇ ਨਾਗਰਿਕਤਾ ਦੀ ਸਹੁੰ ਚੁੱਕਣ ਵਾਲੇ ਸਮਾਗਮ ਵੀ ਰੱਦ ਜਾਂ ਛੋਟੇ ਕੀਤੇ ਗਏ ਹਨ। ਇਸ ਕਾਰਨ ਬਹੁਤ ਸਾਰੇ ਯੋਗ ਬਿਨੈਕਾਰ 3 ਨਵੰਬਰ ਦੀਆਂ ਚੋਣਾਂ ਤੋਂ ਪਹਿਲਾਂ ਨਾਗਰਿਕ ਨਹੀਂ ਬਣ ਸਕਣਗੇ ਅਤੇ ਵੋਟ ਨਹੀਂ ਪਾ ਸਕਣਗੇ।

ਹੋਮਲੈਂਡ ਸਕਿਓਰਿਟੀ ਵਿਭਾਗ ਦਾ ਕਹਿਣਾ ਹੈ ਕਿ ਅਰਜ਼ੀਆਂ ਦੀ ਜਾਂਚ ਸਖ਼ਤ ਕੀਤੀ ਗਈ ਹੈ। ਹੁਣ ਅੰਗਰੇਜ਼ੀ ਅਤੇ ਨਾਗਰਿਕਤਾ ਪ੍ਰੀਖਿਆ, ਕਰ ਰਿਕਾਰਡ, ਚੰਗੇ ਚਰਿੱਤਰ ਅਤੇ ਸਮਾਜਿਕ ਮੀਡੀਆ ਦੀ ਵਧੇਰੇ ਜਾਂਚ ਕੀਤੀ ਜਾ ਰਹੀ ਹੈ। ਕੁਝ ਮਾਮਲਿਆਂ ਵਿਚ ਬਿਨੈਕਾਰਾਂ ਦੇ ਗੁਆਂਢੀਆਂ ਅਤੇ ਕੰਮ ਵਾਲੀ ਥਾਂ ਤੋਂ ਵੀ ਜਾਣਕਾਰੀ ਲਈ ਜਾ ਸਕਦੀ ਹੈ।

ਰਿਪੋਰਟ ਅਨੁਸਾਰ ਨਾਗਰਿਕਤਾ ਰੱਦ ਕਰਨ ਦੀ ਗਿਣਤੀ ਨਹੀਂ ਵਧੀ, ਸਗੋਂ ਫ਼ੈਸਲੇ ਹੀ ਘੱਟ ਕੀਤੇ ਜਾ ਰਹੇ ਹਨ। ਜੇ ਇੰਟਰਵਿਊ ਤੋਂ ਬਾਅਦ 120 ਦਿਨਾਂ ਤੱਕ ਫ਼ੈਸਲਾ ਨਾ ਆਵੇ, ਤਾਂ ਬਿਨੈਕਾਰ ਕਾਨੂੰਨੀ ਸਲਾਹ ਲੈ ਕੇ ਸੰਘੀ ਅਦਾਲਤ ਵਿਚ ਕਾਰਵਾਈ ਬਾਰੇ ਪੁੱਛ ਸਕਦਾ ਹੈ।

ਸ਼੍ਰੋਮਣੀ ਸ਼ਾਇਰ ਅਜਾਇਬ ਸਿੰਘ ਹੁੰਦਲ ਦੇ ਦੇਹਾਂਤ 'ਤੇ ਲੇਖਕ ਭਾਈਚਾਰੇ ਵੱਲੋਂ ਦੁੱਖ ਦਾ ਇਜ਼ਹਾਰ

ਅੰਮ੍ਰਿਤਸਰ
ਡਾ.ਰਜਿੰਦਰ ਰਿਖੀ



ਪੰਜਾਬੀ ਜ਼ੁਬਾਨ ਦੇ ਨਾਮਵਰ ਸ਼ਾਇਰ, ਸ਼੍ਰੋਮਣੀ ਕਵੀ ਅਜਾਇਬ ਸਿੰਘ ਹੁੰਦਲ ਹੁਰਾਂ ਦੇ ਦਿਹਾਂਤ ਤੇ ਲੇਖਕ ਭਾਈਚਾਰੇ ਨੇ ਗਹਿਰੇ ਦੁੱਖ ਦਾ ਇਜ਼ਹਾਰ ਕੀਤਾ ਹੈ ਕਹਾਣੀਕਾਰ ਦੀਪ ਦੇਵਿੰਦਰ ਸਿੰਘ, ਸ਼੍ਰੋਮਣੀ ਨਾਟਕਕਾਰ ਕੇਵਲ ਧਾਲੀਵਾਲ ਅਤੇ ਡਾ. ਹਰਭਜਨ ਸਿੰਘ ਭਾਟੀਆ, ਸੈਲਿੰਦਰਜੀਤ ਸਿੰਘ ਰਾਜਨ,ਨੇ ਦੁੱਖ ਦਾ ਇਜ਼ਹਾਰ ਕਰਦਿਆਂ ਦਸਿਆ ਕਿ ਅਜਾਇਬ ਸਿੰਘ ਹੁੰਦਲ ਪੰਜਾਬੀ ਕਵਿਤਾ ਦੇ ਸਥਾਪਤ ਹਸਤਾਖ਼ਰ ਸਨ। ਉਨ੍ਹਾਂ ਨੇ ਗ਼ਜ਼ਲ ਤੋਂ ਆਪਣਾ ਕਾਵਿ-ਸਫ਼ਰ ਸ਼ੁਰੂ ਕਰਕੇ ਆਜ਼ਾਦ ਕਵਿਤਾ ਦੇ ਖੇਤਰ ਵਿੱਚ ਵੀ ਵਿਲੱਖਣ ਪਛਾਣ ਬਣਾਈ। ਉਨ੍ਹਾਂ ਦੀਆਂ ਪ੍ਰਮੁੱਖ ਕਾਵਿ-ਪੁਸਤਕਾਂ ਵਿੱਚ 'ਅਜੇ ਨਾ ਗਿਣ', 'ਫ਼ੈਸਲੇ ਤੋਂ ਬਾਅਦ','ਮਿੱਟੀ ਸਾਹਵੇਂ ਖੜਾ ਵਾਰਿਸ','ਆਪਣਾ ਆਪਣਾ ਕੁਰੂਕਸ਼ੇਤਰ' ਅਤੇ 'ਕਚਹਿਰੀ ਵਿੱਚ ਖੜ੍ਹਾ ਦਰਖ਼ਤ','ਅੱਗ ਦੇ ਘੁੱਟ, ਚਲਦੇ ਫਿਰਦੇ ਰੁੱਖ,ਘਰ ਤੋਂ ਮਕਾਨ ਤੱਕ, "ਆਪਣੀ ਤਲਾਸ਼ ਵਿੱਚ", "ਕਾਰਡ ਤੇ ਕੇਲੈਡਰ," ਫ਼ੈਸਲੇ ਤੋਂ ਬਾਅਦ","ਇੱਕ ਉਮਰ ਦੀ ਵਾਪਸੀ", "ਮਿਟੀ ਧਰਤੀ ਨਹੀਂ ਹੁੰਦੀ", "ਗੱਲ ਜਦੋਂ ਤੁਰੀ", , "ਤਾਰੀਖ਼ ਵਰਕਾ ਵਰਕਾ", ਸ਼ਾਮਲ ਹਨ। ਭਾਸ਼ਾ ਵਿਭਾਗ, ਪੰਜਾਬ ਵੱਲੋਂ ਉਨ੍ਹਾਂ ਨੂੰ ਸ਼੍ਰੋਮਣੀ ਪੰਜਾਬੀ ਕਵੀ ਵਜੋਂ ਸਨਮਾਨਿਤ ਕੀਤਾ ਗਿਆ ਸੀ। ਦੁੱਖ ਦਾ ਇਜ਼ਹਾਰ ਕਰਦਿਆਂ ਡਾ ਮਹਿਲ ਸਿੰਘ, ਡਾ. ਮਨਜਿੰਦਰ ਸਿੰਘ, ਡਾ ਆਤਮ ਸਿੰਘ ਰੰਧਾਵਾ,ਮੁਖਤਾਰ ਗਿੱਲ,ਹੀਰਾ ਸਿੰਘ, ਡਾ ਬਲਜੀਤ ਰਿਆੜ, ਵਜ਼ੀਰ ਸਿੰਘ ਰੰਧਾਵਾ,ਸ੍.ਮਨਮੋਹਨ ਸਿੰਘ ਢਿੱਲੋਂ, ਕੁਲਵੰਤ ਸਿੰਘ ਅਣਖੀ, ਜਸਬੀਰ ਝਬਾਲ, ਅੰਗਰੇਜ ਸਿੰਘ ਵਿਰਦੀ, ਇੱਕਵਾਕ ਸਿੰਘ ਪੱਟੀ, ਡਾ. ਗਗਨਦੀਪ ਸਿੰਘ, ਮਨਦੀਪ ਬੋਪਾਰਾਏ, ਹਰਪਾਲ ਨਾਗਰਾ, ਰੋਜੀ ਸਿੰਘ, ਸ਼ੁਕਰਗੁਜ਼ਾਰ ਸਿੰਘ, ਵਿਸ਼ਾਲ, ਜਗਤਾਰ ਗਿੱਲ, ਸਤਿੰਦਰਜੀਤ, ਨਵ ਭੁੱਲਰ ਡਾ ਮੋਹਨ, ਗੁਰਜੀਤ ਅਜਨਾਲਾ, ਨਿਰਮਲ ਕੋਟਲਾ, ਸੁਖਬੀਰ ਖੁਰਮਣੀਆਂ ਆਦਿ ਨੇ ਕਿਹਾ ਕਿ ਅਜਾਇਬ ਸਿੰਘ ਹੁੰਦਲ ਹੁਰਾਂ ਦੀ ਸਾਹਿਤਕ ਦੇਣ ਪੰਜਾਬੀ ਸਾਹਿਤ ਦਾ ਅਨਮੋਲ ਸਰਮਾਇਆ ਹੈ ਅਤੇ ਉਨ੍ਹਾਂ ਦੀਆਂ ਰਚਨਾਵਾਂ ਪੰਜਾਬੀ ਪਾਠਕਾਂ ਤੇ ਆਉਣ ਵਾਲੀਆਂ ਪੀੜ੍ਹੀਆਂ ਦਾ ਮਾਰਗ-ਦਰਸ਼ਨ ਕਰਦੀਆਂ ਰਹਿਣਗੀਆਂ।

ਕੈਲੀਫੋਰਨੀਆ ਦੇ ਖੇਤੀ ਵਾਲੇ ਇਲਾਕਿਆਂ 'ਚ ਛਾਪਿਆਂ ਦਾ ਡਰ

ਕੈਲੀਫੋਰਨੀਆ
ਸਾਂਝੀ ਸੋਚ ਬਿਊਰੋ

ਕੈਲੀਫੋਰਨੀਆ ਦੇ ਖੇਤੀ ਵਾਲੇ ਇਲਾਕਿਆਂ ਵਿਚ ਇਮੀਗ੍ਰੇਸ਼ਨ ਛਾਪਿਆਂ ਕਾਰਨ ਲੋਕ ਡਰੇ ਹੋਏ ਹਨ। ਇੱਕ ਰਿਪੋਰਟ ਮੁਤਾਬਕ, ਕਈ ਪਰਿਵਾਰਾਂ ਨੂੰ ਚਿੰਤਾ ਹੈ ਕਿ ਉਨ੍ਹਾਂ ਦੇ ਘਰ ਦੇ ਕਿਸੇ ਮੈਂਬਰ ਨੂੰ ਅਧਿਕਾਰੀ ਹਿਰਾਸਤ ਵਿਚ ਲੈ ਸਕਦੇ ਹਨ।

ਇਸ ਡਰ ਦਾ ਅਸਰ ਪਿੰਡਾਂ ਅਤੇ ਛੋਟੇ ਕਸਬਿਆਂ ਦੀ ਰੋਜ਼ਾਨਾ ਜ਼ਿੰਦਗੀ 'ਤੇ ਪੈ ਰਿਹਾ ਹੈ। ਜਿਹੜੀਆਂ ਗਲੀਆਂ ਪਹਿਲਾਂ ਰੌਣਕ ਵਾਲੀਆਂ ਹੁੰਦੀਆਂ ਸਨ, ਉੱਥੇ ਹੁਣ ਘੱਟ ਲੋਕ ਦਿਖਾਈ ਦਿੰਦੇ ਹਨ। ਕੁਝ ਲੋਕ ਕੰਮ 'ਤੇ ਜਾਣ ਅਤੇ ਦੁਕਾਨਾਂ ਖੋਲ੍ਹਣ ਤੋਂ ਵੀ ਡਰਦੇ ਹਨ। ਖੇਤੀ ਦੇ ਕੰਮ ਲਈ ਮਜ਼ਦੂਰਾਂ ਦੀ ਲੋੜ ਹੁੰਦੀ ਹੈ।

ਉਹ ਫ਼ਸਲਾਂ ਦੀ ਦੇਖਭਾਲ ਕਰਦੇ ਹਨ ਅਤੇ ਫ਼ਸਲ ਤੋੜਨ ਵਿਚ ਮਦਦ ਕਰਦੇ ਹਨ। ਜੇ ਮਜ਼ਦੂਰ ਡਰ ਕਰਕੇ ਕੰਮ 'ਤੇ ਨਾ ਜਾਣ, ਤਾਂ ਖੇਤਾਂ ਦਾ ਕੰਮ ਰੁੱਕ ਸਕਦਾ ਹੈ। ਇਸ ਨਾਲ ਕਿਸਾਨਾਂ ਅਤੇ ਸਥਾਨਕ ਦੁਕਾਨਾਂ ਨੂੰ ਵੀ ਨੁਕਸਾਨ ਹੋ ਸਕਦਾ ਹੈ। ਛਾਪਿਆਂ ਦੀ ਚਿੰਤਾ ਨਾਲ ਬੱਚਿਆਂ ਦੀ ਜ਼ਿੰਦਗੀ ਵੀ ਪ੍ਰਭਾਵਿਤ ਹੋ ਸਕਦੀ ਹੈ। ਮਾਪਿਆਂ ਨੂੰ ਫ਼ਿਕਰ ਰਹਿੰਦਾ ਹੈ ਕਿ ਉਹ ਕੰਮ 'ਤੇ ਜਾਣ ਤਾਂ ਘਰ ਵਿਚ ਬੱਚਿਆਂ ਦੀ ਦੇਖਭਾਲ ਕੌਣ ਕਰੇਗਾ।

ਕਈ ਲੋਕ ਡਾਕਟਰ ਜਾਂ ਹੋਰ ਜ਼ਰੂਰੀ ਸੇਵਾਵਾਂ ਲੈਣ ਤੋਂ ਵੀ ਕਤਰਾਉਂਦੇ ਹਨ। ਰਿਪੋਰਟ ਮੁਤਾਬਕ, ਇਮੀਗ੍ਰੇਸ਼ਨ ਛਾਪਿਆਂ ਦਾ ਅਸਰ ਸਿਰਫ਼ ਮਜ਼ਦੂਰਾਂ 'ਤੇ ਨਹੀਂ ਪੈਂਦਾ।

ਇਸ ਨਾਲ ਪੂਰੇ ਇਲਾਕੇ ਦੇ ਪਰਿਵਾਰ, ਕਿਸਾਨ ਅਤੇ ਕਾਰੋਬਾਰ ਪ੍ਰਭਾਵਿਤ ਹੋ ਸਕਦੇ ਹਨ। ਲੋਕਾਂ ਵਿਚ ਡਰ ਵਧਣ ਨਾਲ ਛੋਟੇ ਕਸਬਿਆਂ ਦੀ ਆਮ ਜ਼ਿੰਦਗੀ ਅਤੇ ਕੰਮਕਾਜ ਵੀ ਹੌਲੀ ਪੈ ਸਕਦਾ ਹੈ।





Where Compassion Meets True

LUXURY

Discover an exclusive living experience designed for seniors living with dementia, schizophrenia, bipolar disorder, and complex mental health needs where clinical excellence meets comfort, dignity, and elegance

Refundable deposit of $500,000 with 8% annual interest

Exclusive Long-Term Luxury Living Opportunity

With only **25 exclusive units** available, we offer limited availability for discerning residents seeking long term luxury care through compassionate support and refined living.

Luxury Living with Expert Care

- 24/7 Highly Trained Care Staff
- On-site Senior Psychologist
- Licensed Registered Nurse (RN)
- Regular visits by a psychiatrist and physician

Healing Garden Therapy

Serene outdoor garden designed for relaxation, featuring walking paths, sitting areas, and peaceful natural surrounding that support emotional well-being

Full-Service Lifestyle Assistance

- We schedule all doctor appointments,
- Staff escort residents to medical appointments,
- Transportation for church, shopping and outings.

Music Therapy

Guided therapeutic sessions using soothing music, drumming, and movement to reduce stress, enhance mood, lift spirits, and increase cognitive well-being

Daily Cost Ranges from $250 to $500 Per Day

depending on the level of care required.


St. Michael Assisted Living

Dinuba, CA

Location: Dinuba, CA

Contact: (925) 285-9881 (559) 915-9045

Website: www.stmichaelrcfe.com



DR. HARMESH KUMAR
PRESIDENT, CEO & PSYCHOLOGIST

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ



Gulinder Gill

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ

Majestic Homes

3711 Sunset Lane, Suite F Antioch, CA 94509
Office: (925)779 - 1234 | WWW.MajesticHomes.Properties

MAJESTIC HOMES

MLS

EQUAL HOUSING OPPORTUNITY

हिन्दी बोलने वालों का स्वागत है।

ਪੰਜਾਬੀ ਬੋਲਣ ਵਾਲਿਆਂ ਦਾ ਸਵਾਗਤ ਹੈ



Ramesh Suman
Broker
DRE License - 00871752
CDPE, GRI, RCS-D
Certified HAFA Specialist,
Direct: (925)366-3618
Email:
Ramesh@RameshSuman.com

Real Estate Services and Property Management

ਗੁਰੂ ਨਾਨਕ ਸਿੱਖ ਸੁਸਾਇਟੀ ਵੱਲੋਂ ਲੰਗਰ ਲਗਾਇਆ ਗਿਆ



ਕੈਲੀਫੋਰਨੀਆ
ਸਾਂਝੀ ਸੋਚ ਬਿਊਰੋ

ਗੁਰੂ ਨਾਨਕ ਦੇਵ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸਿੱਖ ਰਾਜਪੂਤ ਭਾਈਚਾਰੇ ਵੱਲੋਂ ਲੰਗਰ ਲਾਇਆ ਗਿਆ।

ਉਹਨਾਂ ਦੇ ਵਿੱਚ ਮਾਸਟਰ ਲਛਮਣ ਸਿੰਘ ਰਾਠੌਰ ਅਤੇ ਹਰਸ਼ਾ ਸਿੰਘ ਦੀ ਚਲਾਈ ਗਈ ਪ੍ਰਥਾ ਮਾਤਾਬਿਕ ਇਹ ਲੰਗਰ ਦਾ ਆਯੋਜਨ ਕੀਤਾ ਗਿਆ। ਗੁਰੂ ਨਾਨਕ ਸਿੱਖ ਸੋਸਾਇਟੀ ਵੱਲੋਂ ਤੇ ਪਰਵਿੰਦਰ ਪਾਲ ਸਿੰਘ ਰਾਠੌਰ, ਸੁਖਬੀਰ ਸਿੰਘ ਰਠੌਰ, ਭੁਪਿੰਦਰ ਸਿੰਘ ਜਾਡਲਾ, ਸ਼ੇਰ ਸਿੰਘ ਚੌਹਾਨ, ਗੁਰਦਿਆਲ ਸਿੰਘ ਚੌਹਾਨ, ਨਰਿੰਦਰਪਾਲ ਸਿੰਘ ਚੌਧਰੀ, ਜਸਵਿੰਦਰ ਪਾਲ ਸਿੰਘ ਪਰਮਾਰ, ਸੁੱਚਾ ਸਿੰਘ, ਜਸਪਾਲ ਸਿੰਘ, ਨਾਨਕ ਸਿੰਘ, ਅਕਸ਼ਦੀਪ ਸਿੰਘ ਰਠੌਰ, ਜਸਪਾਲ ਸਿੰਘ, ਪ੍ਰਕਾਸ਼ ਸਿੰਘ, ਪੱਪੂ ਭਾਜੀ, ਕੰਵਲ ਜਾਡਲਾ, ਤੇਜਿੰਦਰ ਸਿੰਘ, ਸੁੱਚਾ ਸਿੰਘ ਪਿਲਖਣੀ ਧਰਮਿੰਦਰ ਸਿੰਘ ਰਸਾਲਦਾਰ, ਕਮਲਜੀਤ ਸਿੰਘ ਚੌਹਾਨ ਦਲਜੀਤ ਸਿੰਘ ਚੌਹਾਨ, ਦਿਲਕਰਨ ਸੋਢੀ, ਰਣਜੀਤ ਸਿੰਘ ਖੰਨਾ ਅਤੇ ਹੋਰਨਾਂ ਵੱਲੋਂ ਗੁਰੂ ਨਾਨਕ ਦੇਵ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਲੰਗਰ 'ਚ ਆਪਣਾ ਭਰਪੂਰ ਯੋਗਦਾਨ ਪਾਇਆ ਗਿਆ।

ਗੁਰਦਵਾਰਾ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਜੀ ਵਿਖੇ ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ ਗਿਆ

ਰਈਆ
ਸਾਂਝੀ ਸੋਚ ਬਿਊਰੋ



ਗੁਰਦਵਾਰਾ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਜੀ ਰਈਆ ਖੁਰਦ ਵਿਖੇ ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾਪੂਰਵਕ ਮਨਾਇਆ ਗਿਆ। ਗੁਰਦਵਾਰਾ ਸਾਹਿਬ ਵਿਖੇ ਅਖੰਡ ਪਾਠ ਦੇ ਭੋਗ ਉਪਰੰਤ ਭਾਈ ਹਰਪਾਲ ਸਿੰਘ ਜੀ ਦੇ ਕੀਰਤਨੀ ਜਥੇ ਨੇ ਅਨੰਦਮਈ ਕੀਤਾ। ਜਿਸ ਉਪਰੰਤ ਭਾਈ ਅਮਰੀਕ ਸਿੰਘ ਜੀ ਫੇਰੂਮਾਨ ਵਾਲਿਆ ਨੇ ਗੁਰੂ ਸਾਹਿਬ ਜੀ ਦੀ ਜੀਵਨੀ ਅਤੇ ਇਤਿਹਾਸ ਦੇ ਨਾਲ - ਨਾਲ ਗੁਰੂ ਸਾਹਿਬ ਜੀ ਦੀ ਬਾਣੀ ਤੇ ਚਾਨਣਾ ਪਾਇਆ। ਇਸ ਮੌਕੇ ਗੁਰਦਵਾਰਾ ਸਾਹਿਬ ਦੇ ਪਰਮ ਸੇਵਕ ਭਾਈ ਜਸਵੰਤ ਸਿੰਘ ਜੀ , ਸੇਵਾਦਾਰ ਅਜੇਵੀਰ ਸਿੰਘ ਅਜ਼ਾਦ ਅਤੇ ਵਾਰਡ ਨੰਬਰ 3 ਦੇ ਕੌਂਸਲਰ ਅਮਰਵੀਰ ਸਿੰਘ ਆਜ਼ਾਦ ਨੂੰ ਗੁਰਦਵਾਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋ ਵਿਸ਼ੇਸ਼ ਤੌਰ ਤੇ ਸਿਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਗੁਰਦਵਾਰਾ ਸਾਹਿਬ ਵਿਖੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਸਮਾਗਮ ਵਿਚ ਐਡਵੋਕੇਟ ਲੱਖਾ ਸਿੰਘ ਆਜ਼ਾਦ, ਭਜਨ ਸਿੰਘ ਸਹੋਤਾ, ਭਾਈ ਰਾਮ ਸਿੰਘ, ਅਰਵਿੰਦਰ ਸਿੰਘ, ਬਲਵਿੰਦਰ ਸਿੰਘ ਪ੍ਰਧਾਨ ਅਨਾਜ ਮੰਡੀ ਮਜਦੂਰ ਯੂਨੀਅਨ, ਨੰਬਰਦਾਰ ਭੁਪਿੰਦਰ ਸਿੰਘ,ਰਤਨ ਸਿੰਘ ਫੋਜੀ, ਹਰਜਿੰਦਰ ਸਿੰਘ ਮਾਨ, ਸਜੀਵ ਭੰਡਾਰੀ ਪ੍ਰਧਾਨ ਨਗਰ ਪੰਚਾਇਤ ਰਈਆ ਅਤੇ ਪ੍ਰਧਾਨ ਮੰਦਰ ਰਾਮਵਾੜਾ ਰਈਆ ਧਿਆਨਪੁਰ ਮੁਖਤਾਰ ਸਿੰਘ ਠੱਠੀਆਂ ਵਾਲੇ, ਸੇਵਾਦਾਰ ਇਕਬਾਲ ਸਿੰਘ, ਸੇਵਾਦਾਰ ਜੋਗਿੰਦਰ ਸਿੰਘ ਫੋਜੀ, ਪ੍ਰੇਮ ਸਿੰਘ, ਸੂਬੇਦਾਰ ਤਰਸੇਮ ਸਿੰਘ ਫੋਜੀ, ਸਰਬਜੀਤ ਸਿੰਘ ਮਾਨ ਕੌਂਸਲਰ ਵਾਰਡ ਨੰਬਰ 2, ਕੌਂਸਲਰ ਸੁਖਦੇਵ ਸਿੰਘ ਪੱਡਾ, ਪ੍ਰਧਾਨ ਭੁਪਿੰਦਰ ਕਾਲੂ ਮਾਨ, ਦਲਬੀਰ ਸਿੰਘ, ਇੰਸਪੈਕਟਰ ਭੁਪਿੰਦਰ ਸਿੰਘ, ਹਰਜਿੰਦਰ ਸਿੰਘ, ਤਰਸੇਮ ਸਿੰਘ ਸੀ.ਆਰ.ਪੀ ਵਾਲੇ , ਮਹਿੰਦਰ ਸਿੰਘ, ਗੁਰਦੇਵ ਸਿੰਘ, ਲਖਵਿੰਦਰ ਸਿੰਘ,ਸੰਦੀਪ ਸਿੰਘ, ਹਰਪ੍ਰੀਤ ਸਿੰਘ, ਮਾਸਟਰ ਲਾਭ ਸਿੰਘ, ਸਰਵਣ ਸਿੰਘ, ਗੁਰਪ੍ਰੀਤ ਸਿੰਘ, ਜਗਰੂਪ ਸਿੰਘ ਡੈਨੀ ਰਤਨ ਸਿੰਘ ਫੋਜੀ, ਥਾਣੇਦਾਰ ਮੱਖਣ ਸਿੰਘ, ਭਾਗ ਸਿੰਘ, ਅਤੇ ਹੋਰ ਸ਼ਖਸੀਅਤ ਨੇ ਗੁਰੂਘਰ ਦੀ ਹਾਜ਼ਰੀ ਭਰੀ ।

ਗੈਂਗਸਟਰਵਾਦ ਦੇ ਖ਼ਿਲਾਫ਼ ਪੰਜਾਬ ਵਿਧਾਨ ਸਭਾ ਵਿੱਚ ਗਰਜੇ ਵਿਧਾਇਕ ਹਰਮੀਤ ਸਿੰਘ ਸੰਧੂ, ਅਪਰਾਧੀਆਂ ਨੂੰ ਸਿਆਸੀ ਸਰਪ੍ਰਸਤੀ ਦੇਣ 'ਤੇ ਅਕਾਲੀ ਦਲ ਨੂੰ ਘੇਰਿਆ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਐਮਐਲਏ ਹਰਮੀਤ ਸਿੰਘ ਸੰਧੂ ਨੇ ਮੰਗਲਵਾਰ ਨੂੰ ਪੰਜਾਬ ਵਿਧਾਨ ਸਭਾ ਦੇ ਇਜਲਾਸ ਦੌਰਾਨ ਪੰਜਾਬ ਅਤੇ ਪੰਜਾਬੀਆਂ ਦੇ ਸੁਨਹਿਰੀ ਭਵਿੱਖ ਲਈ ਗੈਂਗਸਟਰਵਾਦ ਦੇ ਗੰਭੀਰ ਮੁੱਦੇ ਨੂੰ ਚੁੱਕਿਆ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਕਿਸੇ ਇੱਕ ਪਾਰਟੀ ਜਾਂ ਹਲਕੇ ਦਾ ਮੁੱਦਾ ਨਹੀਂ, ਬਲਕਿ ਸਮੁੱਚੇ ਪੰਜਾਬ ਅਤੇ ਸਾਰੇ ਹਾਊਸ ਦਾ ਅਹਿਮ ਮਸਲਾ ਹੈ, ਜਿਸ 'ਤੇ ਗੰਭੀਰਤਾ ਨਾਲ ਚਰਚਾ ਕਰਕੇ ਠੋਸ ਕਦਮ ਚੁੱਕਣੇ ਬੇਹੱਦ ਜ਼ਰੂਰੀ ਹਨ। ਹਰਮੀਤ ਸਿੰਘ ਸੰਧੂ ਨੇ ਸਦਨ ਦੇ ਟੇਬਲ 'ਤੇ ਇੱਕ ਸਰਕਾਰੀ ਦਸਤਾਵੇਜ਼ ਪੇਸ਼ ਕਰਦਿਆਂ ਦੱਸਿਆ ਕਿ ਇਹ ਕੋਈ ਸਾਧਾਰਨ ਕਾਗਜ਼ ਜਾਂ ਅਖ਼ਬਾਰ ਦੀ ਕਟਿੰਗ ਨਹੀਂ, ਸਗੋਂ ਇੱਕ ਗੰਭੀਰ ਅਪਰਾਧੀ ਵਿਰੁੱਧ ਜਾਰੀ ਹੋਇਆ ਰੈੱਡ ਕਾਰਨਰ ਨੋਟਿਸ ਹੈ। ਇਹ ਨੋਟਿਸ ਉਸ ਇਨਸਾਨ ਦਾ ਹੈ ਜਿਸ ਨੇ ਪੰਜਾਬ ਵਿੱਚ ਖੂਨ-ਖਰਾਬਾ ਕੀਤਾ, ਵੱਡੇ ਪੱਧਰ 'ਤੇ ਨਸ਼ੇ ਦਾ ਕਾਰੋਬਾਰ ਚਲਾਇਆ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਕੀਤੀ। ਉਨ੍ਹਾਂ ਨੇ ਉਨ੍ਹਾਂ ਇਮਾਨਦਾਰ ਅਫ਼ਸਰਾਂ ਦਾ ਵਿਸ਼ੇਸ਼ ਧੰਨਵਾਦ ਕੀਤਾ ਜਿਨ੍ਹਾਂ ਨੇ ਪੰਜਾਬ ਦੇ ਹਿੱਤਾਂ ਦੀ ਰਾਖੀ ਲਈ ਇਹ ਦਸਤਾਵੇਜ਼ ਤਿਆਰ ਕੀਤਾ। ਐਮਐਲਏ ਸੰਧੂ ਨੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਤਰਨ ਤਾਰਨ ਜ਼ਿਮਨੀ ਚੋਣ ਦੌਰਾਨ ਅਜਿਹੇ ਅਪਰਾਧਿਕ ਪਿਛੋਕੜ ਵਾਲੇ ਪਰਿਵਾਰ ਨੂੰ ਟਿਕਟ ਦੇਣ ਦੀ ਕਰੜੀ ਸ਼ਬਦਾਂ ਵਿੱਚ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਰੈੱਡ ਕਾਰਨਰ ਨੋਟਿਸ ਦਾ ਸਾਹਮਣਾ ਕਰ ਰਹੇ ਵਿਅਕਤੀ ਦੀ ਪਤਨੀ ਨੂੰ ਤਰਨ ਤਾਰਨ ਦਾ ਹਲਕਾ ਇੰਚਾਰਜ ਨਿਯੁਕਤ ਕਰਨਾ ਸਮੁੱਚੇ ਸਿਸਟਮ ਨੂੰ ਕਲੰਕਿਤ ਕਰਨ ਦੇ ਬਰਾਬਰ ਹੈ, ਜੋ ਕਿ ਅਪਰਾਧਿਕ ਅਨਸਰਾਂ ਨੂੰ ਸਿਆਸੀ ਪਨਾਹ ਦੇਣ ਦਾ ਵੱਡਾ ਸਬੂਤ ਹੈ। ਹਰਮੀਤ ਸਿੰਘ ਸੰਧੂ ਨੇ ਸਪੀਕਰ ਤੋਂ ਮੰਗ ਕੀਤੀ ਕਿ ਚੋਣਾਂ ਵਿੱਚ ਵਰਤੇ ਗਏ ਪੈਸੇ ਦੀ ਜਾਂਚ ਲਈ ਇੱਕ ਵਿਸ਼ੇਸ਼ ਜਾਂਚ ਟੀਮ (ਐਸਆਈਟੀ) ਗਠਿਤ ਕੀਤੀ ਜਾਵੇ ਤਾਂ ਜੋ ਚੋਣਾਂ ਦੌਰਾਨ ਵਰਤੀ ਗਈ 'ਡਰੱਗ ਮਨੀ' ਦਾ ਸੱਚ ਸਾਹਮਣੇ ਆ ਸਕੇ। ਇਸ ਤੋਂ ਇਲਾਵਾ, ਉਨ੍ਹਾਂ ਦੱਸਿਆ ਕਿ ਮਾਰੇ ਗਏ ਸਰਪੰਚਾਂ ਦੇ ਪੀੜਤ ਪਰਿਵਾਰਾਂ ਨੇ ਉਨ੍ਹਾਂ ਨਾਲ ਮੁਲਾਕਾਤ ਕੀਤੀ ਹੈ। ਜਦੋਂ ਇਹ ਕਤਲ ਹੋਏ, ਉਦੋਂ ਮੌਜੂਦਾ ਹਲਕਾ ਇੰਚਾਰਜ ਅਤੇ ਉਸ ਦਾ ਪਤੀ ਦੁਬਈ ਵਿੱਚ ਸਨ, ਜਿੱਥੋਂ ਇਸ ਕਤਲ ਦੀ ਸਾਜ਼ਿਸ਼ ਰਚੀ ਗਈ ਸੀ। ਇਸ ਲਈ ਇਸ ਵਿਦੇਸ਼ੀ ਸਾਜ਼ਿਸ਼ ਦੀ ਵੀ ਐਸਆਈਟੀ ਜਾਂ ਕਿਸੇ ਵਿਸ਼ੇਸ਼ ਅਧਿਕਾਰੀ ਰਾਹੀਂ ਨਿਰਪੱਖ ਜਾਂਚ ਕਰਵਾਈ ਜਾਵੇ। ਆਪਣੇ ਬਿਆਨ ਵਿੱਚ ਐਮਐਲਏ ਸੰਧੂ ਨੇ ਪ੍ਰਸ਼ਾਸਨਿਕ ਢਾਂਚੇ ਦੇ ਵੱਕਾਰ 'ਤੇ ਚਿੰਤਾ ਪ੍ਰਗਟਾਈ। ਉਨ੍ਹਾਂ ਸਦਨ ਨੂੰ ਸੁਚੇਤ ਕਰਦਿਆਂ ਕਿਹਾ ਕਿ ਜੇਕਰ ਅੱਜ ਹੀ ਅਪਰਾਧੀਆਂ 'ਤੇ ਨੱਥ ਨਾ ਪਾਈ ਗਈ ਤਾਂ ਕੱਲ੍ਹ ਨੂੰ ਜਦੋਂ ਅਜਿਹੇ ਗੈਂਗਸਟਰ ਵਿਧਾਨ ਸਭਾ ਦੀਆਂ ਕੁਰਸੀਆਂ 'ਤੇ ਆ ਕੇ ਬੈਠਣਗੇ, ਤਾਂ ਕੀ ਇਮਾਨਦਾਰ ਆਈਪੀਐਸ ਅਤੇ ਆਈਏਐਸ ਅਫ਼ਸਰਾਂ ਨੂੰ ਉਨ੍ਹਾਂ ਨੂੰ ਸਲੂਟ ਮਾਰਨੇ ਪੈਣਗੇ? ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਅਤੇ ਪੰਜਾਬੀਆਂ ਦੇ ਸੁਰੱਖਿਅਤ ਭਵਿੱਖ ਲਈ ਸਮਾਂ ਰਹਿੰਦੇ ਅਜਿਹੇ ਅੰਸਰਾਂ ਵਿਰੁੱਧ ਸਖ਼ਤ ਕਾਰਵਾਈ ਕਰਨੀ ਲਾਜ਼ਮੀ ਹੈ।

ਬਲਵੰਤ ਰਾਜੋਆਣਾ ਨੂੰ ਸੁਪਰੀਮ ਕੋਰਟ ਤੋਂ ਅੱਜ ਵੀ ਨਹੀਂ ਮਿਲੀ ਰਾਹਤ: ਸੁਣਵਾਈ 18 ਨਵੰਬਰ ਤੱਕ ਮੁਲਤਵੀ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਪੰਜਾਬ ਦੇ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਦੇ ਕਤਲ ਕੇਸ ਵਿੱਚ ਪਟਿਆਲਾ ਜੇਲ੍ਹ ਵਿੱਚ ਬੰਦ ਬਲਵੰਤ ਸਿੰਘ ਰਾਜੋਆਣਾ ਦੀ ਮੌਤ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਬਦਲਣ ਦੀ ਮੰਗ 'ਤੇ ਅੱਜ 28 ਅਕਤੂਬਰ ਨੂੰ ਸੁਣਵਾਈ ਹੋਈ। ਬਲਵੰਤ ਰਾਜੋਆਣਾ ਨੂੰ ਸੁਪਰੀਮ ਕੋਰਟ ਤੋਂ ਅੱਜ ਵੀ ਕੋਈ ਰਾਹਤ ਨਹੀਂ ਮਿਲੀ। ਹੁਣ ਇਸ ਮਾਮਲੇ ਦੀ ਅਗਲੀ ਸੁਣਵਾਈ 18 ਨਵੰਬਰ ਨੂੰ ਤੈਅ ਕੀਤੀ ਗਈ ਹੈ। ਬਲਵੰਤ ਸਿੰਘ ਰਾਜੋਆਣਾ ਨਾਲ ਸਬੰਧਤ ਮਾਮਲੇ ਦੀ ਸੁਣਵਾਈ ਦੌਰਾਨ ਕੇਂਦਰ ਸਰਕਾਰ ਦੇ ਵਕੀਲ ਵੱਲੋਂ ਹੋਰ ਸਮਾਂ ਮੰਗੇ ਜਾਣ ਤੋਂ ਬਾਅਦ ਸੁਪਰੀਮ ਕੋਰਟ ਨੇ ਸੁਣਵਾਈ 18 ਨਵੰਬਰ ਤੱਕ ਮੁਲਤਵੀ ਕਰ ਦਿੱਤੀ ਹੈ। ਦੱਸ ਦਈਏ ਕਿ ਇਹ ਮਾਮਲਾ ਬਲਵੰਤ ਸਿੰਘ ਰਾਜੋਆਣਾ ਦੀ ਉਸ ਪਟੀਸ਼ਨ ਨਾਲ ਸਬੰਧਤ ਹੈ, ਜਿਸ ਵਿੱਚ ਉਨ੍ਹਾਂ ਨੇ ਆਪਣੀ ਫਾਂਸੀ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਬਦਲਣ ਦੀ ਮੰਗ ਕੀਤੀ ਹੈ। ਪਟੀਸ਼ਨ ਵਿੱਚ ਰਹਿਮ ਦੀ ਅਰਜ਼ੀ 'ਤੇ ਲੰਮੇ ਸਮੇਂ ਤੋਂ ਫ਼ੈਸਲਾ ਨਾ ਹੋਣ ਦਾ ਹਵਾਲਾ ਦਿੱਤਾ ਗਿਆ ਹੈ। ਰਾਜੋਆਣਾ ਨੂੰ 1995 ਵਿੱਚ ਪੰਜਾਬ ਦੇ ਤਤਕਾਲੀ ਮੁੱਖ ਮੰਤਰੀ ਬੇਅੰਤ ਸਿੰਘ ਦੀ ਹੱਤਿਆ ਦੇ ਮਾਮਲੇ ਵਿੱਚ ਦੋਸ਼ੀ ਠਹਿਰਾਇਆ ਗਿਆ ਸੀ ਅਤੇ 2007 ਵਿੱਚ ਮੌਤ ਦੀ ਸਜ਼ਾ ਸੁਣਾਈ ਗਈ ਸੀ। ਉਨ੍ਹਾਂ ਦੀ ਰਹਿਮ ਦੀ ਅਰਜ਼ੀ 2012 ਤੋਂ ਲੰਬਿਤ ਰਹਿਣ ਦਾ ਮਾਮਲਾ ਵੀ ਸੁਪਰੀਮ ਕੋਰਟ ਵਿੱਚ ਉਠਾਇਆ ਗਿਆ ਹੈ।

ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਰਵਿੰਦਰ ਝੋਟਾ ਤੇ ਹੋਰਨਾਂ ਦੇ ਪਰਿਵਾਰਾਂ ਨੂੰ ਇਨਸਾਫ਼ ਦਿਵਾਉਣ ਲਈ ਵਿਸ਼ੇਸ਼ ਅਰਦਾਸ ਸਮਾਗਮ

ਅੰਮ੍ਰਿਤਸਰ
ਸਾਂਝੀ ਸੋਚ ਬਿਊਰੋ

ਪੰਜਾਬ ਵਿੱਚ ਨਸ਼ਿਆਂ ਦੇ ਵਧ ਰਹੇ ਮਾਰੂ ਪ੍ਰਕੋਪ ਅਤੇ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਦੀਆਂ ਮੌਤਾਂ ਦੇ ਮਾਮਲਿਆਂ ਦਰਮਿਆਨ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਭਾਈ ਪਰਵਿੰਦਰ ਸਿੰਘ ਝੋਟਾ ਅਤੇ ਹੋਰਨਾਂ ਪੀੜਤ ਪਰਿਵਾਰਾਂ ਨੂੰ ਇਨਸਾਫ਼ ਦਿਵਾਉਣ ਲਈ ਵਿਸ਼ੇਸ਼ ਅਰਦਾਸ ਸਮਾਗਮ ਕਰਵਾਇਆ ਗਿਆ। 28 ਅਕਤੂਬਰ 2026 ਨੂੰ ਹੋਏ ਇਸ ਸਮਾਗਮ ਦੌਰਾਨ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਅਤੇ ਨਸ਼ਿਆਂ ਵਿਰੁੱਧ ਡਟਣ ਵਾਲਿਆਂ ਦੀ ਸੁਰੱਖਿਆ ਲਈ ਅਰਦਾਸ ਕੀਤੀ ਗਈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂਹ ਖ਼ਾਲਸਾ ਪੰਥ ਵੱਲੋਂ ਮੀਰੀ-ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪਾਵਨ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਇਹ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਗੁਰਮੁਖ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂਹ ਖ਼ਾਲਸਾ ਪੰਥ ਨੂੰ ਸੰਦੇਸ਼ ਦਿੰਦਿਆਂ ਪੰਜਾਬ ਵਿੱਚ ਨਸ਼ਿਆਂ ਦੀ ਗੰਭੀਰ ਸਮੱਸਿਆ 'ਤੇ ਚਿੰਤਾ ਪ੍ਰਗਟਾਈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਪਵਿੱਤਰ ਧਰਤੀ 'ਤੇ ਨਸ਼ਿਆਂ ਦਾ ਮਾਰੂ ਪ੍ਰਕੋਪ ਵਧ ਰਿਹਾ ਹੈ, ਪਰ ਇਸ ਨੂੰ ਰੋਕਣ ਲਈ ਸਰਕਾਰਾਂ ਅਤੇ ਸਮੇਂ ਦੇ ਹੁਕਮਰਾਨਾਂ ਵੱਲੋਂ ਠੋਸ ਕਦਮ ਚੁੱਕੇ ਜਾਣ ਦੀ ਲੋੜ ਹੈ। ਉਨ੍ਹਾਂ ਇਹ ਵੀ ਕਿਹਾ ਕਿ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਗੁਰੂ ਕੇ ਪਿਆਰਿਆਂ ਅਤੇ ਸੂਰਬੀਰਾਂ ਨੂੰ ਨਿਸ਼ਾਨਾ ਬਣਾਏ ਜਾਣ ਦੀਆਂ ਘਟਨਾਵਾਂ ਗੰਭੀਰ ਚਿੰਤਾ ਦਾ ਵਿਸ਼ਾ ਹਨ। ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਏ ਇਸ ਅਰਦਾਸ ਸਮਾਗਮ ਵਿੱਚ ਭਾਈ ਪਰਵਿੰਦਰ ਸਿੰਘ ਝੋਟਾ ਸਮੇਤ ਹੋਰਨਾਂ ਪੀੜਤ ਪਰਿਵਾਰਾਂ ਨੂੰ ਇਨਸਾਫ਼ ਮਿਲਣ ਲਈ ਅਰਦਾਸ ਕੀਤੀ ਗਈ। ਸਮਾਗਮ ਦੌਰਾਨ ਪੰਜਾਬ ਵਿੱਚ ਨਸ਼ਿਆਂ ਦੇ ਖ਼ਾਤਮੇ ਅਤੇ ਨਸ਼ਾ ਤਸਕਰੀ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਦੀ ਸੁਰੱਖਿਆ ਯਕੀਨੀ ਬਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਵੀ ਸ਼ਮੂਲੀਅਤ ਕੀਤੀ ਗਈ।



ਗੁਰਦੁਆਰਾ ਸਾਹਿਬ San Jose

ਵੱਲੋਂ ਅਕਤੂਬਰ ਮਹੀਨੇ ਵਿੱਚ ਸੰਗਤਾਂ ਲਈ
ਵਿਸ਼ੇਸ਼ ਧਾਰਮਿਕ, ਗੁਰਮਤਿ ਅਤੇ ਯਾਦਗਾਰੀ ਸਮਾਗਮਾਂ ਦੀ ਲੜੀ ਕਰਵਾਈ ਜਾ ਰਹੀ ਹੈ।

4 ਅਕਤੂਬਰ 2026

Home Mortgage Seminar

Empowering New Immigrants & First-Time Home Buyers ਲਈ ਵਿਸ਼ੇਸ਼ ਸਮਾਗਮ 1:00 PM – 2:30 PM
ਇੱਥੇ ਪਹਿਲੀ ਵਾਰ ਘਰ ਖਰੀਦਣ, Credit, Down Payment, Loans ਅਤੇ ਹੋਰ ਵੀ ਬਹੁਤ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ ਜਾਵੇਗੀ।

Location - Conference Room, Committee Office ਦੇ ਨੇੜੇ

12 – 18 ਅਕਤੂਬਰ 2026

Blissful Living – In 7 Days

ਗੁਰਮਤਿ ਵਿਚਾਰ | ਨਾਮ ਸਿਮਰਨ | ਧਿਆਨ | ਕਸਰਤ | ਪਰਿਵਾਰਕ ਰਿਸ਼ਤੇ
* ਗੁੱਸਾ ਅਤੇ ਤਣਾਅ ਸੰਭਾਲਣਾ ਤੇ ਕਈ ਹੋਰ ਮਹੱਤਵਪੂਰਨ ਵਿਸ਼ਿਆਂ ਬਾਰੇ ਵਿਚਾਰ ਕੀਤਾ ਜਾਵੇਗਾ।

ਸ਼ਾਮ 6:00 PM – 8:00 PM

17 ਅਕਤੂਬਰ 2026

ਕੱਤਕ ਦੀ ਸੰਗਰਾਂਦ

23 ਅਕਤੂਬਰ 2026

ਧੰਨ ਧੰਨ ਬਾਬਾ ਬੁੱਢਾ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ
ਵਿਸ਼ੇਸ਼ ਸਮਾਗਮ
ਸਵੇਰ ਦਾ ਦੀਵਾਨ — 10:45 AM ਤੱਕ
ਸ਼ਾਮ ਦਾ ਦੀਵਾਨ — 8:45 PM ਤੱਕ

27 ਅਕਤੂਬਰ 2026

ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ
ਵਿਸ਼ੇਸ਼ ਸਮਾਗਮ ਕਰਵਾਇਆ ਜਾ ਰਿਹਾ |

ਇਨ੍ਹਾਂ ਸਾਰੇ ਵਿਸ਼ੇਸ਼ ਸਮਾਗਮਾਂ ਵਿੱਚ ਪਰਿਵਾਰ ਸਮੇਤ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ।

Address : 3636 Gurdwara Ave, San Jose, CA, 95148
www.sanjosegurdwara.com | (408) 274-9373

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

WATCH LIVE NAGAR KIRTAN

October 30 & 31 | November 1, 2026

FULL LIVE COVERAGE

PTC PUNJABI

SIKH TEMPLE, GURDWARA YUBA CITY, CA

MANNAT PRODUCTION

ਸਾਂਝੀ ਸੋਚ HD
ਧੜਕਣ ਹਰ ਦਿਲ ਦੀ


SANJHA PUNJAB USA
PROUDLY PRESENTS
ASSOCIATE WITH
Jeeway Punjab Entertainment
and Atul Kapoor
SUFI SHAM
WITH
HANS RAJ HANS
FRIDAY
NOV 6
7.30 PM
Venue
Royal Event Hall
7323 Home Leisure Plaza
Sacramento CA 95823
SACRAMENTO-CA
VVIP TABLE
1st Row Tables
Premium Experience Includes:
Front Row Seating
Drinks
Appetizers
Sweet Dish
Dinner
Picture with the Artist
Your Name Displayed on the Stage Back Screen
VIP TABLE
2nd & 3rd Row Tables:
Special Experience Includes:
Drinks
Appetizers
Sweet Dish
Dinner
Picture with the Artist
Your Name Displayed on the Stage Back Screen
GENERAL TABLE
Includes:
Food
Drinks
Limited Tables Available – Book Your Table Now!
Jassi Banga 916-796-5003
Teja Virak 916-912-5678
Sonu Chatha 916-716-7331
Atul Kapoor 209-670-5384
Balwinder Bajwa 516-852-2222
Jassi Katron : 916-937-7785
Surinder Mahey : 408-620-2470

UC Bros ਵੱਲੋਂ ਚੌਥਾ ਸਾਲਾਨਾ ਵਾਲੀਬਾਲ ਟੂਰਨਾਮੈਂਟ ਕਰਵਾਇਆ ਗਿਆ

ਕੰਪੋਸ ਵਾਈਨਰੀ ਵਿਖੇ ਕੈਲੀਫੋਰਨੀਆ ਦੀਆਂ 20 ਟੀਮਾਂ ਨੇ ਲਿਆ ਹਿੱਸਾ: ਜੇਤੂਆਂ ਨੂੰ ਨਕਦ ਇਨਾਮ ਅਤੇ ਟਰਾਫ਼ੀਆਂ ਦਿੱਤੀਆਂ ਗਈਆਂ

ਕੈਲੀਫੋਰਨੀਆ ਸਾਂਝੀ ਸੋਚ ਬਿਊਰੋ

UC Bros ਵੱਲੋਂ ਚੌਥਾ ਸਾਲਾਨਾ ਵਾਲੀਬਾਲ ਟੂਰਨਾਮੈਂਟ ਕੰਪੋਸ ਵਾਈਨਰੀ ਵਿਖੇ ਕਰਵਾਇਆ ਗਿਆ, ਜਿਸ ਵਿੱਚ ਕੈਲੀਫੋਰਨੀਆ ਦੇ ਵੱਖ-ਵੱਖ ਸ਼ਹਿਰਾਂ ਤੋਂ ਆਈਆਂ 20 ਟੀਮਾਂ ਨੇ ਭਾਗ ਲਿਆ। ਕੰਪੋਸ ਵਾਈਨਰੀ ਦੀ ਕੇਂਦਰੀ ਸਥਿਤੀ ਕਾਰਨ ਇਹ ਸਥਾਨ ਵੱਖ-ਵੱਖ ਇਲਾਕਿਆਂ ਤੋਂ ਪਹੁੰਚਣ ਵਾਲੀਆਂ ਟੀਮਾਂ ਲਈ ਸੁਵਿਧਾਜਨਕ ਰਿਹਾ।

ਟੂਰਨਾਮੈਂਟ ਵਿੱਚ ਐਡਵਾਂਸ ਅਤੇ ਇੰਟਰਮੀਡੀਏਟ, ਦੋ ਕੈਟਾਗਰੀਆਂ ਅਧੀਨ ਮੁਕਾਬਲੇ ਕਰਵਾਏ ਗਏ। ਖਿਡਾਰੀਆਂ ਨੇ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ ਅਤੇ ਦਰਸ਼ਕਾਂ ਨੇ ਮੁਕਾਬਲਿਆਂ ਦਾ ਆਨੰਦ ਮਾਣਿਆ।

ਐਡਵਾਂਸ ਕੈਟਾਗਰੀ ਦੇ ਨਤੀਜੇ

ਐਡਵਾਂਸ ਕੈਟਾਗਰੀ ਵਿੱਚ TMC Bay Area ਨੇ ਪਹਿਲਾ ਸਥਾਨ ਹਾਸਲ ਕੀਤਾ। ਟੀਮ ਨੂੰ 2,100 ਡਾਲਰ ਦੀ ਨਕਦ ਇਨਾਮੀ ਰਾਸ਼ੀ ਅਤੇ ਟਰਾਫ਼ੀ ਦਿੱਤੀ ਗਈ।

Santa Clara Volleyball Club ਦੂਜੇ ਸਥਾਨ 'ਤੇ ਰਿਹਾ ਅਤੇ ਟੀਮ ਨੂੰ 1,500 ਡਾਲਰ ਦੀ ਨਕਦ ਇਨਾਮੀ ਰਾਸ਼ੀ ਤੇ ਟਰਾਫ਼ੀ ਨਾਲ ਸਨਮਾਨਿਤ ਕੀਤਾ ਗਿਆ।

ਇੰਟਰਮੀਡੀਏਟ ਕੈਟਾਗਰੀ ਦੇ ਨਤੀਜੇ

ਇੰਟਰਮੀਡੀਏਟ ਕੈਟਾਗਰੀ ਵਿੱਚ Manteca Volleyball Club ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਟੀਮ ਨੂੰ 1,100 ਡਾਲਰ ਅਤੇ ਟਰਾਫ਼ੀ ਦਿੱਤੀ ਗਈ।

Loid Volleyball Club ਨੇ ਦੂਜਾ ਸਥਾਨ ਹਾਸਲ ਕਰਦਿਆਂ 500 ਡਾਲਰ ਦੀ ਨਕਦ ਇਨਾਮੀ ਰਾਸ਼ੀ ਅਤੇ ਟਰਾਫ਼ੀ ਪ੍ਰਾਪਤ ਕੀਤੀ।

